ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 7 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੩ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਕੋਟਕਪੂਰਾ ’ਚ ਵਾਪਰੀ ਬੇਅਦਬੀ ਦੀ ਘਟਨਾ

# ਭਾਰੀ ਗਿਣਤੀ ਪੁਲਸ ਤਾਇਨਾਤ

**ਕੋਟਕਪੂਰਾ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਕੋਟਕਪੂਰਾ ਦੇ ਇਕ ਘਰ ਵਿਚ ਗੁਟਕਾ ਸਾਹਿਬ ਦੀ ਬੇਅਦਬੀ ਕੀਤੇ ਜਾਣ ਦੀ ਘਟਨਾ ਸਾਹਮਣੇ ਆਈ ਹੈ। ਇਸ ਘਰ ਦੀ ਮਾਲਕਣ ਨੇ ਗੁਟਕਾ ਸਾਹਿਬ ਨੂੰ ਘਰ ਦੇ ਚੁੱਲੇ ਵਿਚ ਹੀ ਅਗਨ ਭੇਟ ਕਰ ਦਿੱਤਾ। ਇਸ ਮਾਮਲੇ ਦੀ ਜਾਣਕਾਰੀ ਮਿਲਣ ਤੋਂ ਬਾਅਦ ਹਰਕਤ ਵਿਚ ਆਈ ਪੁਲਸ ਨੇ ਕਾਰਵਾਈ ਕਰਦੇ ਹੋਏ ਅਮਨਦੀਪ ਕੌਰ ਨਾਮਕ ਔਰਤ ਨੂੰ ਗ੍ਰਿਫਤਾਰ ਕਰ ਲਿਆ ਅਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਅਗਨ ਭੇਟ ਕੀਤੇ ਗਏ ਗੁਟਕਾ ਸਾਹਿਬ ਨੂੰ ਪੁਲਸ ਨੇ ਧਾਰਮਿਕ ਆਗੂਆਂ ਦੀ ਹਾਜ਼ਰੀ ਵਿਚ ਆਦਰ ਸਤਿਕਾਰ ਨਾਲ ਗੁਰਦੁਆਰਾ ਸਾਹਿਬ ਵਿਖੇ ਰਖਵਾਇਆ, ਜਿਸ ਤੋਂ ਬਾਅਦ



ਇਸ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਲਈ ਰਵਾਨਾ ਕੀਤਾ ਜਾਵੇਗਾ। ਜਾਣਕਾਰੀ ਮੁਤਾਬਕ ਕੋਟਕਪੂਰਾ ਦੇ ਸਰਕਾਰੀ ਗਰਲਜ਼ ਸਕੂਲ ਦੇ ਨੇੜੇ ਬਾਜਿਆਂ ਵਾਲੀ ਗਲੀ ਵਿਚ ਰਹਿਣ ਵਾਲੀ ਇਕ ਔਰਤ ਦੇ ਘਰ ਵਿਚ ਧਾਰਮਿਕ ਸਥਾਨ ਬਣਾਇਆ ਹੋਇਆ ਹੈ। ਜਾਣਕਾਰੀ ਅਨੁਸਾਰ ਇਸ ਘਰ ਦੀ ਔਰਤ ਨੇ ਧਾਰਮਿਕ ਸਥਾਨ ’ਤੇ ਪਏ ਗੁਟਕਾ ਸਾਹਿਬ ਨੂੰ ਘਰ ਦੇ ਚੁੱਲੇ ਵਿਚ ਹੀ ਅਗਨ ਭੇਟ ਕਰ ਦਿੱਤਾ। ਇਸ ਗੱਲ ਦੀ ਜਾਣਕਾਰੀ ਪੁਲਸ ਨੂੰ ਮਿਲੀ ਤਾਂ ਪੁਲਸ ਨੇ ਤੁਰੰਤ ਜਤਿੰਦਰ ਸਿੰਘ ਡੀ.ਐੱਸ.ਪੀ. ਕੋਟਕਪੂਰਾ ਅਤੇ ਇੰਸਪੈਕਟਰ ਮਨੋਜ ਸ਼ਰਮਾਂ ਐੱਸ.ਐੱਚ.ਓ ਦੀ ਅਗਵਾਈ ਹੇਠ ਮੌਕੇ ’ਤੇ ਪਹੁੰਚ ਕੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਦੀ ਹਾਜ਼ਰੀ ਵਿਚ ਅਗਨ ਭੇਟ ਕੀਤੇ ਗੁਟਕਾ ਸਾਹਿਬ ਨੂੰ ਆਦਰ ਸਤਿਕਾਰ ਨਾਲ ਉਥੋਂ ਗੁਰਦੁਆਰਾ ਸਾਹਿਬ ਵਿਖੇ ਪਹੁੰਚਾਇਆ ਅਤੇ ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੀ ਔਰਤ ਨੂੰ ਗ੍ਰਿਫਤਾਰ ਕਰ ਲਿਆ ਅਤੇ ਉਸ ਖ਼ਿਲਾਫ ਮੁਕੱਦਮਾ ਦਰਜ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ। ਇਸ ਪੂਰੇ ਮਾਮਲੇ ਵਿਚ ਮੌਕੇ ’ਤੇ ਆਏ ਬਹਿਬਲ ਇਨਸਾਫ ਮੋਰਚੇ ਦੇ ਆਗੂ ਸੁਖਰਾਜ ਸਿੰਘ ਅਤੇ ਬਾਬਾ ਗਰੀਬ ਦਾਸ ਨੇ ਪੁਲਸ ਦੀ ਕਾਰਵਾਈ ’ਤੇ ਸੰਤੁਸ਼ਟੀ ਜਤਾਈ ਅਤੇ ਕਿਹਾ ਕਿ ਨਾ ਸਮਝੀ ਕਾਰਨ ਲੋਕ ਇਹੋ ਜਿਹੀਆਂ ਘਿਨਾਉਣੀ ਕਾਰਵਾਈਆਂ ਕਰ ਰਹੇ ਹਨ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਹ ਧਾਰਮਿਕ ਗ੍ਰੰਥਾਂ ਦਾ ਸਤਿਕਾਰ ਨਹੀਂ ਕਰ ਸਕਦੇ ਤਾਂ ਉਹ ਗ੍ਰੰਥਾਂ ਨੂੰ ਘਰਾਂ ਵਿਚ ਸੁਸ਼ੋਭਿਤ ਨਾ ਕਰਨ। ਇਸ ਮਾਮਲੇ ਵਿਚ ਜ਼ਿਲ੍ਹੇ ਦੇ ਐੱਸ.ਪੀ ਜਸਮੀਤ ਸਿੰਘ ਨੇ ਕਿਹਾ ਕਿ ਸੂਚਨਾ ਮਿਲਦੇ ਹੀ ਪੁਲਸ ਨੇ ਕਾਰਵਾਈ ਕਰਦੇ ਹੋਏ ਔਰਤ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਉਸ ਖਿਲਾਫ ਮੁਕੱਦਮਾ ਦਰਜ ਕਰਕੇ ਪੜਤਾਲ ਕੀਤੀ ਜਾ ਰਹੀ ਹੈ। ਪੜਤਾਲ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ, ਉਸ ਦੇ ਆਧਾਰ ’ਤੇ ਅਗਲੀ ਕਾਰਵਾਈ ਕੀਤੀ ਜਾਵੇਗੀ।





## ਪੰਜਾਬ ’ਚ ਜੰਗ ਦਾ ਮੈਦਾਨ ਬਣਿਆ ਛਿੰਝ ਮੇਲਾ, ਗੋਲ਼ੀਆਂ ਮਾਰ ਕੇ ਨੌਜਵਾਨ ਦਾ ਕਤਲ

**ਚੰਡੀਗੜ੍ਹ, 6 ਸਤੰਬਰ (ਸਟਿੰਗ ਆਪ੍ਰੇਸ਼ਨ ਬਿਊਰੋ)**-ਗੜ੍ਹਸ਼ੰਕਰ ਦੇ ਪਿੰਡ ਅਲੀਪੁਰ ’ਚ ਵੀਰਵਾਰ ਦੇਰ ਰਾਤ ਹੋਈ ਦੋ ਧੜਿਆਂ ਦੀ ਲੜਾਈ ’ਚ ਇਕ ਨੌਜਵਾਨ ਦੀ ਮੌਤ ਹੋ ਗਈ ਅਤੇ ਇਕ ਗੰਭੀਰ ਰੂਪ ’ਚ ਜ਼ਖ਼ਮੀ ਹੋ ਗਿਆ। ਗੜ੍ਹਸ਼ੰਕਰ ਪੁਲਸ ਘਟਨਾ ਦੀ ਜਾਂਚ ਕਰ ਰਹੀ ਹੈ। ਜਾਣਕਾਰੀ ਮੁਤਾਬਕ ਪਿੰਡ ਅਲੀਪੁਰ ’ਚ ਵੀਰਵਾਰ ਨੂੰ ਪਿੰਡ ਵਾਸੀਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਛਿੰਝ ਮੇਲਾ ਕਰਵਾਇਆ ਗਿਆ। ਇਸ ਮੌਕੇ ਦੋ ਧੜਿਆਂ ਦੇ ਨੌਜਵਾਨਾਂ ਨੇ ਆਪਸੀ ਰੰਜਿਸ਼ ਕਾਰਨ ਉਸੇ ਮੈਦਾਨ ’ਚ ਲੜਾਈ ਵਾਸਤੇ ਟਾਈਮ ਰੱਖ ਲਿਆ, ਜਿੱਥੇ ਇਕ ਧੜੇ ਵੱਲੋਂ ਗੋਲ਼ੀਆਂ ਚਲਾ ਦਿੱਤੀਆਂ ਗਈਆਂ। ਇਸ ਦੌਰਾਨ ਸ਼ਮੀ ਕਪੂਰ ਪੁੱਤਰ ਬਲਵੀਰ ਸਿੰਘ ਵਾਸੀ ਅਲੀਪੁਰ ਥਾਣਾ ਗੜ੍ਹਸ਼ੰਕਰ ਦੀ ਬਾਂਹ ’ਚ ਗੋਲ਼ੀ ਲੱਗੀ, ਜਿਸ ਨੂੰ ਸਰਕਾਰੀ ਹਸਪਤਾਲ ਗੜ੍ਹਸ਼ੰਕਰ ਵਿਖੇ ਲਿਆਂਦਾ ਗਿਆ, ਜਿੱਥੋਂ ਉਸ ਨੂੰ ਸਿਵਲ ਹੁਸ਼ਿਆਰਪੁਰ ਰੈਫਰ ਕਰ ਦਿੱਤਾ ਗਿਆ। ਇਸੇ ਧੜੇ ਦੇ ਦੂਜੇ ਨੌਜਵਾਨ ਨਿਤਿਨ ਕੁਮਾਰ ਪੁੱਤਰ ਪਰਮਜੀਤ ਸਿੰਘ ਵਾਸੀ ਚਣਕੋਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤੇਜ਼ਧਾਰ ਹਥਿਆਰਾਂ ਨਾਲ ਵੱਢਿਆ ਗਿਆ। ਉਸ ਨੂੰ ਨਵਾਂਸ਼ਹਿਰ ਦੇ ਨਿੱਜੀ ਹਸਪਤਾਲ ’ਚ ਦਾਖ਼ਲ ਕਰਵਾਇਆ ਗਿਆ, ਜਿੱਥੇ ਜ਼ਿਆਦਾ ਖ਼ੂਨ ਵਹਿ ਜਾਣ ਕਾਰਨ ਉਸ ਦੀ ਮੌਤ ਹੋ ਗਈ। ਇਸ ਸਬੰਧੀ ਚੌਂਕੀ ਇੰਚਾਰਜ ਸਮੁੰਦੜਾ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਤਫ਼ਤੀਸ਼ ਚੱਲ ਰਹੀ ਹੈ।

## ਮਨਪ੍ਰੀਤ ਬਾਦਲ ਤੇ ਸੁੱਚਾ ਲੰਗਾਹ ਨੇ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਦਿੱਤਾ ਸਪੱਸ਼ਟੀਕਰਨ, ਕਿਹਾ-ਕਦੇ ਨਹੀਂ ਮੰਗੀ ਡੇਰਿਆਂ ਤੋਂ ਵੋਟ





**ਅੰਮ੍ਰਿਤਸਰ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਨੂੰ ਤਨਖਾਹੀਆ ਐਲਾਨਣ ਤੋਂ ਬਾਅਦ 2007 ਤੋਂ 2017 ਤੱਕ ਸਰਕਾਰ ਵਿੱਚ ਮੰਤਰੀ ਰਹੇ ਲੀਡਰਾਂ ਨੂੰ ਸਪੱਸ਼ਟੀਕਰਨ ਦੇਣ ਲਈ 15 ਦਿਨਾਂ ਦਾ ਸਮਾਂ ਦਿੱਤਾ ਸੀ ਜਿਸ ਕਰਕੇ ਸੁੱਚਾ ਸਿੰਘ ਲੰਗਾਹ ਤੇ ਮਨਪ੍ਰੀਤ ਸਿੰਘ ਬਾਦਲ ਨੇ ਤਖ਼ਤ ਸ੍ਰੀ ਅਕਾਲ ਤਖ਼ਤਤ ਸਾਹਿਬ ਪਹੁੰਚ ਕੇ ਸਪੱਸ਼ਟੀਕਰਨ ਦਿੱਤਾ। ਇਸ ਮੌਕੇ ਸਾਬਕਾ ਮੰਤਰੀ ਸੁੱਚਾ ਸਿੰਘ ਲੰਗਾਹ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਸੀਂ ਜਥੇਦਾਰ ਸਾਹਿਬ ਦੇ ਹੁਕਮਾਂ ਤਹਿਤ ਇੱਥੇ ਪਹੁੰਚੇ ਹਾਂ, ਉਨ੍ਹਾਂ ਕਿਹਾ ਕਿ ਅਸੀਂ ਜਥੇਦਾਰ ਸਾਹਿਬ ਦੇ ਹੁਕਮਾਂ ਨੂੰ ਮੰਨਦੇ ਹਾਂ, ਉਹ ਜੋ ਵੀ ਹੁਕਮ ਦੇਣਗੇ, ਉਸ ਨੂੰ ਸੀਸ ਝੁਕਾਕੇ ਮੰਨਾਂਗੇ। ਇਸ ਮੌਕੇ ਸੁੱਚਾ ਸਿੰਘ ਨੇ ਡੇਰਾ ਸੱਚਾ ਸੌਦਾ ਵਾਲੇ ਦਾ ਨਾਂਅ ਲਏ ਬਿਨਾਂ ਕਿਹਾ ਕਿ ਉਹ ਭਾਵੇਂ 2007 ਤੋਂ 2012 ਤੱਕ ਮੰਤਰੀ ਰਹੇ ਹਨ ਪਰ ਉਨ੍ਹਾਂ ਦੇ ਡੇਰਿਆਂ ਨਾਲ ਕੋਈ ਸਬੰਧ ਨਹੀਂ ਹੈ, ਉਨ੍ਹਾਂ ਨੇ ਕਦੇ ਕਿਸੇ ਡੇਰੇ ਤੋਂ ਵੋਟ ਨਹੀਂ ਮੰਗੀ, ਨਾ ਹੀ ਮੇਰੇ ਜ਼ਿਲ੍ਹੇ ਵਿੱਚ ਰਾਮ ਰਹੀਮ ਦਾ ਕੋਈ ਡੇਰਾ ਹੈ ਤੇ ਨਹੀਂ ਕੋਈ ਚਰਚਾ ਘਰ ਹੈ। ਉਨ੍ਹਾਂ ਕਿਹਾ ਕਿ ਜਿਹੜਾ ਗੁਰੂਘਰ ਨਾਲ ਸਿੱਧੀ ਟੱਕਰ ਲਵੇਗਾ ਉਹ ਸਾਡਾ ਦੁਸ਼ਮਣ ਹੈ। ਜ਼ਿਕਰ ਕਰ ਦਈਏ ਕਿ ਇਸ ਦੌਰਾਨ ਸਾਬਕਾ ਖ਼ਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਮੀਡੀਆ ਨਾਲ ਕੋਈ ਵੀ ਰਾਬਤਾ ਨਹੀਂ ਕੀਤਾ ਤੇ ਉਹ ਆਪਣਾ ਸਪੱਸ਼ਟੀਕਰਨ ਦੇ ਕੇ ਵਾਪਸ ਚਲੇ ਗਏ। ਦੱਸ ਦਈਏ ਕਿ ਲੰਘੇ ਦਿਨ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੇ ਵੀ ਆਪਣਾ ਸਪੱਸ਼ਟੀਕਰਨ ਦਿੱਤਾ। ਇਸ ਮੌਕੇ ਮਜੀਠੀਆ ਨੇ ਮੀਡੀਆ ਨਾਲ ਰਾਬਤਾ ਕਰਦਿਆਂ ਕਿਹਾ ਸੀ ਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਨੂੰ ਸਿਰ ਮੱਥੇ ਪ੍ਰਵਾਨ ਕਰਦੇ ਹਨ, ਇਸੇ ਲਈ ਆਪਣਾ ਸਪੱਸ਼ਟੀਕਰਨ ਨਿੱਜੀ ਤੌਰ ’ਤੇ ਦੇਣ ਲਈ ਪੁੱਜੇ ਹਨ। ਇਸ ਨੋਟਿਸ ਵਿੱਚ ਸੁਖਬੀਰ ਬਾਦਲ ਦੇ ਨਾਲ ਡਾ: ਉਪਿੰਦਰ ਕੌਰ, ਆਦੇਸ਼ ਪ੍ਰਤਾਪ ਸਿੰਘ ਕੈਰੋਂ, ਗੁਲਜ਼ਾਰ ਸਿੰਘ ਰਣੀਕੇ, ਪਰਮਿੰਦਰ ਸਿੰਘ ਢੀਂਡਸਾ, ਸੁੱਚਾ ਸਿੰਘ ਲੰਗਾਹ, ਜਨਮੇਜਾ ਸਿੰਘ, ਹੀਰਾ ਸਿੰਘ, ਸਰਵਣ ਸਿੰਘ ਫਿਲੌਰ, ਸੋਹਣ ਸਿੰਘ, ਦਲਜੀਤ ਸਿੰਘ, ਸਿਕੰਦਰ ਸਿੰਘ ਮਲੂਕਾ, ਬੀਬੀ ਜਗੀਰ ਕੌਰ ,ਮਨਪ੍ਰੀਤ ਸਿੰਘ ਬਾਦਲ, ਸ਼ਰਨਜੀਤ ਸਿੰਘ, ਸੁਰਜੀਤ ਸਿੰਘ, ਬਿਕਰਮ ਸਿੰਘ ਮਜੀਠੀਆ ਅਤੇ ਮਹੇਸ਼ਿੰਦਰ ਸਿੰਘ ਨੂੰ ਨੋਟਿਸ ਜਾਰੀ ਕੀਤਾ ਹੈ।

## ਵਿਨੇਸ਼ ਫੋਗਾਟ ਨੇ ਰੇਲਵੇ ਦੀ ਨੌਕਰੀ ਤੋਂ ਦਿੱਤਾ ਅਸਤੀਫਾ, ਕਾਂਗਰਸ ਵੱਲੋਂ ਚੋਣ ਲੜਨਾ ਤੈਅ ?



**ਨਵੀਂ ਦਿੱਲੀ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਗਜ ਪਹਿਲਵਾਨ ਵਿਨੇਸ਼ ਫੋਗਾਟ ਨੇ ਕਾਂਗਰਸ ’ਚ ਸ਼ਾਮਲ ਹੋਣ ਤੋਂ ਪਹਿਲਾਂ ਰੇਲਵੇ ਦੀ ਨੌਕਰੀ ਛੱਡ ਦਿੱਤੀ ਹੈ। ਵਿਨੇਸ਼ ਫੋਗਾਟ ਨੂੰ ਉੱਤਰੀ ਰੇਲਵੇ ਵਿੱਚ ਓਐਸਡੀ/ਸਪੋਰਟਸ ਵਜੋਂ ਤਾਇਨਾਤ ਕੀਤਾ ਗਿਆ ਸੀ। ਉਸਨੇ ਕਿਹਾ, “ਮੇਰੀ ਜ਼ਿੰਦਗੀ ਦੇ ਇਸ ਮੋੜ ’ਤੇ, ਮੈਂ ਆਪਣੇ ਆਪ ਨੂੰ ਰੇਲਵੇ ਸੇਵਾ ਤੋਂ ਵੱਖ ਕਰਨ ਦਾ ਫੈਸਲਾ ਕੀਤਾ ਹੈ ਅਤੇ ਭਾਰਤੀ ਰੇਲਵੇ ਦੇ ਸਮਰੱਥ ਅਧਿਕਾਰੀਆਂ ਨੂੰ ਆਪਣਾ ਅਸਤੀਫਾ ਪੱਤਰ ਸੌਂਪ ਦਿੱਤਾ ਹੈ।” ਦੇਸ਼ ਦੀ ਸੇਵਾ ਕਰਨ ਲਈ ਰੇਲਵੇ ਵੱਲੋਂ ਮੈਨੂੰ ਦਿੱਤੇ ਗਏ ਇਸ ਮੌਕੇ ਲਈ ਮੈਂ ਭਾਰਤੀ ਰੇਲਵੇ ਪਰਿਵਾਰ ਦਾ ਹਮੇਸ਼ਾ ਧੰਨਵਾਦੀ ਰਹਾਂਗੀ। ਉਨ੍ਹਾਂ ਦੇ ਨਾਲ ਹੀ ਪਹਿਲਵਾਨ ਬਜਰੰਗ ਪੂਨੀਆ ਨੇ ਵੀ ਰੇਲਵੇ ਦੀ ਨੌਕਰੀ ਤੋਂ ਅਸਤੀਫਾ ਦੇ ਦਿੱਤਾ ਹੈ। ਦੋਵੇਂ ਖਿਡਾਰੀ ਅੱਜ ਯਾਨੀਕਿ 6 ਸਤੰਬਰ ਨੂੰ ਕਾਂਗਰਸ ਵਿੱਚ ਸ਼ਾਮਲ ਹੋਣਗੇ। ਪਾਰਟੀ ਉਨ੍ਹਾਂ ਨੂੰ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਟਿਕਟ ਦੇ ਸਕਦੀ ਹੈ। ਬਜਰੰਗ ਪੂਨੀਆ ਅਤੇ ਵਿਨੇਸ਼ ਫੋਗਾਟ ਨੇ ਬੁੱਧਵਾਰ (4 ਸਤੰਬਰ) ਨੂੰ ਕਾਂਗਰਸ ਨੇਤਾ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ। ਇਸ ਤੋਂ ਬਾਅਦ ਦੋਵਾਂ ਦੇ ਚੋਣ ਲੜਨ ਦੀਆਂ ਅਟਕਲਾਂ ਤੇਜ਼ ਹੋ ਗਈਆਂ। ਇਸ ਤੋਂ ਪਹਿਲਾਂ ਇਨ੍ਹਾਂ ਖਿਡਾਰੀਆਂ ਨੇ ਸਾਬਕਾ ਮੁੱਖ ਮੰਤਰੀ ਭੂਪੇਂਦਰ ਸਿੰਘ ਹੁੱਡਾ ਅਤੇ ਸੰਸਦ ਮੈਂਬਰ ਦੀਪੇਂਦਰ ਸਿੰਘ ਹੁੱਡਾ ਨਾਲ ਮੁਲਾਕਾਤ ਕੀਤੀ ਸੀ। ਬਜਰੰਗ ਪੂਨੀਆ ਟੋਕੀਓ ਓਲੰਪਿਕ ਖੇਡਾਂ ਦੀ ਕਾਂਸੀ ਤਮਗਾ ਜੇਤੂ ਹੈ, ਜਦਕਿ ਵਿਨੇਸ਼ ਫੋਗਾਟ ਪੈਰਿਸ ਓਲੰਪਿਕ ਦੇ ਫਾਈਨਲ ਵਿੱਚ ਪਹੁੰਚਣ ਵਾਲੀ ਪਹਿਲੀ ਮਹਿਲਾ ਪਹਿਲਵਾਨ ਹੈ।

## ਮਾਨ ਸਰਕਾਰ ਲਈ ਪਰਖ ਦੀ ਘੜੀ ! ਹਰਜੋਤ ਬੈਂਸ ਨਾਲ ਜੁੜੇ ਕਥਿਤ 100 ਕਰੋੜ ਦੇ ਘਪਲੇ ਦੀ ਨਿਰਪੱਖ ਜਾਂਚ ਦੀ ਉੱਠੀ ਮੰਗ ?



**ਚੰਡੀਗੜ੍ਹ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਇੱਕ ਵੱਡਾ ਸਾਈਬਰ ਘੁਟਾਲਾ ਸਾਹਮਣੇ ਆਇਆ ਹੈ, ਜਿਸ ਵਿੱਚ ਆਮ ਆਦਮੀ ਪਾਰਟੀ ਦੇ ਮੰਤਰੀ ਹਰਜੋਤ ਬੈਂਸ ਅਤੇ ਉਨ੍ਹਾਂ ਦੀ ਪਤਨੀ ਐਸਪੀ ਜੋਤੀ ਯਾਦਵ ਦੇ ਨਾਮ ਕਥਿਤ ਤੌਰ ’ਤੇ ਜੁੜੇ ਹੋਏ ਹਨ। ਇਸ ਮਾਮਲੇ ਨੂੰ ਲੈ ਕੇ ਪੰਜਾਬ ਦੀ ਸਿਆਸਤ ਪੂਰੀ ਤਰ੍ਹਾਂ ਨਾਲ ਗਰਮਾ ਗਈ ਹੈ ਤੇ ਵਿਰੋਧੀ ਧਿਰਾਂ ਵੱਲੋਂ ਇਸ ਦੀ ਜਾਂਚ ਦੀ ਮੰਗ ਕੀਤੀ ਜਾ ਰਹੀ ਹੈ। ਇਸ ਮਾਮਲੇ ਨੂੰ ਲੈ ਕੇ ਪੰਜਾਬ ਕਾਂਗਰਸ ਦੇ ਜਲੰਧਰ ਕੈਂਟ ਤੋਂ ਵਿਧਾਇਕ ਪਰਗਟ ਸਿੰਘ ਨੇ ਕਿਹਾ ਕਿ, ਸਾਈਬਰ ਸੈੱਲ ਦੇ ਇੰਸਪੈਕਟਰ ਵੱਲੋਂ ਪੰਜਾਬ ਦੇ ਡੀ ਜੀ. ਪੀ. ਨੂੰ ਪੱਤਰ ਲਿਖ ਕੇ ਮੰਤਰੀ ਹਰਜੋਤ ਸਿੰਘ ਬੈਂਸ ਤੇ ਉਨ੍ਹਾਂ ਦੀ ਪਤਨੀ ਐਸ.ਪੀ ਜੋਤੀ ਯਾਦਵ ਵਿਰੁੱਧ 100 ਕਰੋੜ ਰੁਪਏ ਦੇ ਵਿਦੇਸ਼ੀ ਕਾਲ ਸੈਂਟਰ ਘੁਟਾਲੇ ਨਾਲ ਕਥਿਤ ਸਬੰਧ ਅਤੇ ਪ੍ਰੋਫੈਸਰ ਦੀ ਖੁਦਕੁਸ਼ੀ ਮਾਮਲੇ ਵਿੱਚ ਗ਼ੈਰ-ਕਾਨੂੰਨੀ ਢੰਗ ਨਾਲ ਕਾਲ ਰਿਕਾਰਡ ਦੀ ਮੰਗ ਕਰਨ ਲਈ ਜਾਂਚ ਦੀ ਬੇਨਤੀ ਕੀਤੀ ਗਈ ਹੈ। ਪਰਗਟ ਸਿੰਘ ਨੇ ਕਿਹਾ ਕਿ, 1158 ਪ੍ਰੋਫ਼ੈਸਰ ਯੂਨੀਅਨ ਦੇ ਮੈਂਬਰ ਪ੍ਰੋਫ਼ੈਸਰ ਬਲਵਿੰਦਰ ਕੌਰ ਨੇ ਆਪਣੇ ਸੁਸਾਈਡ ਨੋਟ ਵਿੱਚ ਵੀ ਮੰਤਰੀ ਦਾ ਨਾਂਅ ਲਿਖਿਆ ਸੀ। ਭ੍ਰਿਸ਼ਟਾਚਾਰ ’ਤੇ ਜ਼ੀਰੋ ਟੋਲਰੈਂਸ ਦਾ ਦਾਅਵਾ ਕਰਨ ਵਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਸ ਮਾਮਲੇ ਦੀ ਨਿਰਪੱਖ ਜਾਂਚ ਯਕੀਨੀ ਬਣਾਉਣੀ ਚਾਹੀਦੀ ਹੈ। ਇਸ ਤੋਂ ਇਲਾਵਾ ਹਲਕਾ ਭੁਲੱਥ ਤੋਂ ਕਾਂਗਰਸ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੇ ਵੀ ਕਿਹਾ ਕਿ ਸਾਡੀ ਮੰਗ ਹੈ ਕਿ ਜੋ 100 ਕਰੋੜ ਰੁਪਏ ਦਾ Cyber Scam ਸਾਹਮਣੇ ਆਇਆ ਹੈ ਉਸਦੀਆਂ ਤਾਰਾਂ ਸਿੱਧੀਆਂ-ਸਿੱਧੀਆਂ ਇੱਕ ਮੰਤਰੀ, ਇੱਕ ਸੀਨੀਅਰ ਪੁਲਿਸ ਅਧਿਕਾਰੀ ਤੇ ਸਾਈਬਰ ਮਾਫੀਆ ਨਾਲ ਜੁੜੀਆਂ ਹੋਈਆਂ ਹਨ ਜਿਸਦੀ ਨਿਆਂਇਕ ਜਾਂਚ ਹੋਣੀ ਚਾਹੀਦੀ ਹੈ ਹਾਲਾਂਕਿ ਦੌਰਾਨ ਪੰਜਾਬ ਦੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਕਸ ’ਤੇ ਲੱਗੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਹੈ ਕਿ ਉਹ ਤੇ ਉਨ੍ਹਾਂ ਦੀ ਪਤਨੀ ਸਾਫ਼ ਹਨ। ਉਹ ਇਸ ਮਾਮਲੇ ਵਿੱਚ ਮਾਣਹਾਨੀ ਦਾ ਕੇਸ ਦਾਇਰ ਕਰੇਗਾ।

## ਹਾਥਰਸ ’ਚ ਵੱਡਾ ਹਾਦਸਾ; ਪਿਕਅੱਪ ਤੇ ਰੋਡਵੇਜ਼ ਬੱਸ ਵਿਚਾਲੇ ਟੱਕਰ, 12 ਦੀ ਮੌਤ

**ਲਖਨਊ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਹਾਥਰਸ ਵਿਚ ਇੱਕ ਦਰਦਨਾਕ ਹਾਦਸਾ ਵਾਪਰਿਆ ਹੈ, ਜਿੱਥੇ ਇੱਕ ਰੋਡਵੇਜ਼ ਬੱਸ ਅਤੇ ਮੈਕਸ ਲੋਡਰ ਵਿਚਕਾਰ ਭਿਆਨਕ ਟੱਕਰ ਹੋ ਗਈ ਅਤੇ ਇਸ ਦਰਦਨਾਕ ਹਾਦਸੇ ਵਿੱਚ ਹੁਣ ਤੱਕ 12 ਲੋਕਾਂ ਦੀ ਮੌਤ ਹੋ ਗਈ ਹੈ ਅਤੇ 10 ਤੋਂ ਵੱਧ ਲੋਕ ਜ਼ਖਮੀ ਹਨ। ਮੌਤਾਂ ਦੀ ਗਿਣਤੀ ਵਧਣ ਦਾ ਖਦਸ਼ਾ ਹੈ। ਦੱਸਿਆ ਜਾ ਰਿਹਾ ਹੈ ਕਿ ਤੇਰ੍ਹਵੀਂ ਦਿਨ ਦੀ ਦਾਅਵਤ ਤੋਂ ਬਾਅਦ ਵਾਪਸ ਆ ਰਹੇ ਮੈਕਸ ਲੋਡਰ ਸਵਾਰਾਂ ਨੂੰ ਰੋਡਵੇਜ਼ ਦੀ ਬੱਸ ਨੇ ਟੱਕਰ ਮਾਰ ਦਿੱਤੀ। ਇਹ ਹਾਦਸਾ ਆਗਰਾ-ਅਲੀਗੜ੍ਹ ਬਾਈਪਾਸ ’ਤੇ ਚਾਂਦਪਾ ਥਾਣਾ ਖੇਤਰ ’ਚ ਸਥਿਤ ਮੀਤਾਈ ਪਿੰਡ ਦਾ ਦੱਸਿਆ ਜਾ ਰਿਹਾ ਹੈ। ਦੱਸ ਦਈਏ ਕਿ ਮੈਕਸ ਲੋਡਰ ’ਚ ਸਵਾਰ ਲੋਕ ਸਾਸਨੀ ਦੇ ਮੁਕੰਦ ਖੇੜਾ ਤੋਂ ਤੇਰ੍ਹਵੀਂ ਦਾ ਤਿਉਹਾਰ ਮਨਾ ਕੇ ਖੰਡੌਲੀ ਨੇੜੇ ਪਿੰਡ ਸੇਵਲਾ ਵਾਪਸ ਆ ਰਹੇ ਸਨ। ਇਸ ਹਾਦਸੇ ਵਿੱਚ ਇੱਕ ਦਰਜਨ ਤੋਂ ਵੱਧ ਲੋਕ ਜ਼ਖ਼ਮੀ ਵੀ ਹੋਏ ਹਨ। ਇਸ ਹਾਦਸੇ ਦੀ ਸੂਚਨਾ ਮਿਲਦੇ ਹੀ ਡੀਐੱਮ ਅਤੇ ਐੱਸਪੀ ਜ਼ਿਲ੍ਹਾ ਹਸਪਤਾਲ ਪੁੱਜੇ।

## ਚੰਡੀਗੜ੍ਹ ’ਚ 5 ਦਿਨ ਡਟ ਕੇ ਕਿਸਾਨਾਂ ਨੇ ਮੰਨਵਾਈਆਂ ਕਈ ਮੰਗਾਂ, ਅੱਜ ਘਰਾਂ ਨੂੰ ਪਾਏ ਚਾਲੇ

**ਚੰਡੀਗੜ੍ਹ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ’ਚ ਪੰਜ ਦਿਨਾਂ ਤੋਂ ਡਟੇ ਕਿਸਾਨਾਂ ਨੇ ਪੰਜਾਬ ਸਰਕਾਰ ਤੋਂ ਆਪਣੀਆਂ ਕਈ ਮੰਗਾਂ ਮੰਨਵਾ ਲਈਆਂ ਹਨ। ਇਸ ਲਈ ਕਿਸਾਨਾਂ ਨੇ ਅੱਜ ਆਪਣਾ ਧਰਨਾ ਸਮਾਪਤ ਕਰ ਦਿੱਤਾ ਹੈ। ਅੱਜ ਕਿਸਾਨ ਵਾਪਸ ਘਰਾਂ ਨੂੰ ਮੁੜ ਰਹੇ ਹਨ। ਭਾਰਤੀ ਕਿਸਾਨ ਏਕਤਾ ਉਗਰਾਹਾਂ ਦੇ ਮੁਖੀ ਜੋਗਿੰਦਰ ਸਿੰਘ ਦਾ ਕਹਿਣਾ ਹੈ ਕਿ ਸਰਕਾਰ ਨੇ ਉਨ੍ਹਾਂ ਨੂੰ ਨਵੀਂ ਖੇਤੀ ਨੀਤੀ ਦਾ ਖਰੜਾ 20 ਤਰੀਕ ਤੱਕ ਦੇਣ ਦਾ ਐਲਾਨ ਕੀਤਾ ਹੈ। ਹੋਰ ਮੰਗਾਂ ’ਤੇ ਵੀ ਚਰਚਾ ਕੀਤੀ ਗਈ ਹੈ। ਜੇਕਰ ਇਸ ਤੋਂ ਬਾਅਦ ਵੀ ਮਸਲਾ ਹੱਲ ਨਾ ਹੋਇਆ ਤਾਂ ਮੁੜ ਸੰਘਰਸ਼ ਵਿੱਢਿਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਹੈ ਕਿ ਜੋ ਖੇਤੀ ਨੀਤੀ ਤਿਆਰ ਕੀਤੀ ਗਈ ਹੈ, ਉਸ ਦਾ ਖਰੜਾ ਕਿਸਾਨਾਂ ਤੇ ਸਾਰੇ ਵਿਭਾਗਾਂ ਨਾਲ ਸਾਂਝਾ ਕੀਤਾ ਜਾਵੇ। ਫਿਰ ਕਿਸਾਨਾਂ ਤੇ ਹੋਰ ਮੈਂਬਰਾਂ ਨਾਲ ਮੀਟਿੰਗ ਕੀਤੀ ਜਾਵੇ। ਇਸ ਤੋਂ ਬਾਅਦ ਇਸ ਨੂੰ ਲਾਗੂ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਕਿਸਾਨਾਂ ਦੇ ਕਰਜ਼ਿਆਂ ਨਾਲ ਸਬੰਧਤ ਮਾਮਲਿਆਂ ਵਿੱਚ ਸਹਿਕਾਰੀ ਬੈਂਕ ਵਨ ਟਾਈਮ ਸੈਟਲਮੈਂਟ ਸਕੀਮ ਸ਼ੁਰੂ ਕਰੇਗਾ। ਪਿਛਲੇ ਦਿਨੀਂ ਕਿਸਾਨਾਂ ’ਤੇ ਦਰਜ ਕੇਸ ਵਾਪਸ ਲੈਣ ’ਤੇ ਚਰਚਾ ਹੋਈ ਹੈ। ਹਾਲਾਂਕਿ ਕਈ ਮਾਮਲਿਆਂ ਵਿੱਚ ਚਲਾਨ ਵੀ ਪੇਸ਼ ਕੀਤੇ ਗਏ ਹਨ। ਅਜਿਹੀ ਸਥਿਤੀ ਵਿੱਚ ਐਡਵੋਕੇਟ ਜਨਰਲ ਪੰਜਾਬ ਤੋਂ ਰਾਏ ਲੈ ਕੇ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜ਼ਮੀਨਦੋਜ਼ ਪਾਣੀ ਨੂੰ ਬਚਾਉਣ ਤੇ ਖੇਤ ਦੇ ਆਖਰੀ ਕਿਨਾਰੇ ਤੱਕ ਨਹਿਰੀ ਪਾਣੀ ਪਹੁੰਚਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਪੰਜਾਬ ਦੇ ਇਹ ਕਿਸਾਨ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਤੇ ਖੇਤ ਮਜ਼ਦੂਰ ਯੂਨੀਅਨ ਦੇ ਬੈਨਰ ਹੇਠ ਇੱਕਜੁੱਟ ਹੋਏ ਸਨ। ਪੰਜਾਬ ਵਿਧਾਨ ਸਭਾ ਦਾ ਮਾਨਸੂਨ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਕਿਸਾਨ ਚੰਡੀਗੜ੍ਹ ਪਹੁੰਚ ਗਏ ਸਨ। ਦੱਸ ਦਈਏ ਕਿ ਕਰੀਬ 15 ਸਾਲਾਂ ਬਾਅਦ ਚੰਡੀਗੜ੍ਹ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਚੰਡੀਗੜ੍ਹ ਵਿੱਚ ਮੋਰਚਾ ਲਾਉਣ ਦੀ ਇਜਾਜ਼ਤ ਦਿੱਤੀ ਸੀ। ਸੈਕਟਰ-34 ਸਥਿਤ ਦੁਸਹਿਰਾ ਗਰਾਊਂਡ ਵਿੱਚ ਕਿਸਾਨਾਂ ਨੇ ਮੋਰਚਾ ਲਾਇਆ ਹੋਇਆ ਸੀ। ਕਿਸਾਨਾਂ ਨੇ ਮੰਗ ਕੀਤੀ ਸੀ ਕਿ ਉਹ ਸੈਸ਼ਨ ਦੌਰਾਨ ਵਿਧਾਨ ਸਭਾ ਵੱਲ ਮਾਰਚ ਕਰਨਗੇ ਪਰ ਬਾਅਦ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਮਟਕਾ ਚੌਕ ਤੱਕ ਮਾਰਚ ਕਰਨ ਦੀ ਇਜਾਜ਼ਤ ਦੇ ਦਿੱਤੀ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਮਟਕਾ ਚੌਕ ਪੁੱਜੇ ਤੇ ਕਿਸਾਨਾਂ ਤੋਂ ਮੰਗ ਪੱਤਰ ਲਿਆ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਦੇ ਵਕੀਲ ਬਣ ਕੇ ਮੁੱਖ ਮੰਤਰੀ ਕੋਲ ਮਾਮਲਾ ਉਠਾਉਣਗੇ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |


ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਗੁਰਮਤਿ ਸ਼ਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE


Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।










**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621


ITHIHAAS
KATHA
GIANI BALVINDER SINGH 'RODE'
HEAD GRANTHI
GURDWARA SANT KHALSA JANAM ASTHAN
SANT JARNAIL SINGH KHALSA BHINDRANWALE
7-8PM
MON 9TH - THURSDAY 12TH
SEPTEMBER
10:30AM - 11:15AM
SUNDAY 15TH SEPTEMBER
ਆਵਾਜ਼ਿ ਕੌਮ
AWAZE QAUM
International Newspaper & WEB TV
SRI GURU SINGH SABHA, SHEEHY WAY, SLOUGH, SL2 5SS

ਸੂਰਾ ਸੋ ਪਹਿਚਾਨੀਐ ਜੋ ਲਰੈ ਦੀਨ ਕੇ ਹੇਤੁ
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ

# ਸਾਰਾਗੜ੍ਹੀ ਦੇ ਮਹਾਨ ਸ਼ਹੀਦ ਸਰਦਾਰ ਈਸ਼ਰ ਸਿੰਘ ਜੀ ਦੀ

# ਯਾਦ 'ਚ ਧਾਰਮਿਕ ਸਮਾਗਮ

## 8 ਸਤੰਬਰ 2024, ਗੁਰੂ ਨਾਨਕ ਗੁਰਦੁਆਰਾ ਸਾਹਿਬ ਵੈਡਨਸਫੀਲਡ ਵਿਖੇ




**ਗੁਰੂ ਰੂਪ ਸਾਧ ਸੰਗਤ ਜੀਓ**

ਦਸਮ ਪਾਤਸ਼ਾਹ ਵੱਲੋਂ ਸਾਜੇ ਹੋਏ ਖਾਲਸਾ ਪੰਥ ਨੇ ਹਮੇਸ਼ਾ ਹੀ ਜੁਲਮ ਦੇ ਵਿਰੁੱਧ ਤਲਵਾਰ ਚੁੱਕਕੇ ਜਿੱਥੇ ਜਾਲਮਾਂ ਨੂੰ ਮਾਤ ਦਿੱਤੀ ਹੈ ਉੱਥੇ ਹੀ ਦੇਸ਼ ਵਿਦੇਸ਼ ਵਿੱਚ ਗੁਰੂ ਕੀਆਂ ਲਾਡਲੀਆਂ ਫੌਜਾਂ ਨੇ ਜੁਲਮ ਵਿਰੁੱਧ ਸੰਘਰਸ਼ ਕਰਦਿਆਂ ਹਸ ਹਸ ਕੇ ਸ਼ਹੀਦੀਆਂ ਵੀ ਪਾਈਆਂ ਹਨ। ਆਪਾਂ ਹਰ ਰੋਜ਼ ਅਰਦਾਸ ਵਿੱਚ ਆਪਣੇ ਮਹਾਨ ਸ਼ਹੀਦਾਂ ਨੂੰ ਯਾਦ ਵੀ ਕਰਦੇ ਹਾਂ।

ਪੰਥ ਦੇ ਅਜਿਹੇ ਸ਼ਹੀਦਾਂ ਵਿੱਚੋਂ ਹੀ ਇੱਕ ਸਿਰਲੱਥ ਸੂਰਮੇ ਭਾਈ ਈਸ਼ਰ ਸਿੰਘ ਜੀ, ਜਿਨ੍ਹਾਂ ਨੇ ਦਸ ਹਜਾਰ ਕਬਾਇਲੀਆਂ ਦਾ ਮੁਕਾਬਲਾ ਕਰਦਿਆਂ ਆਪਣੇ ਸਾਥੀਆਂ ਸਮੇਤ ਆਖਰੀ ਸੁਆਸ ਤੱਕ ਜੂਝਦਿਆਂ ਸ਼ਹਾਦਤ ਦਾ ਜਾਮ ਪੀਤਾ, ਉਨ੍ਹਾਂ ਦੀ ਸਦੀਵੀ ਯਾਦ ਸਥਾਪਤ ਕਰਨ ਲਈ ਉਨ੍ਹਾਂ ਦਾ ਬੁੱਤ ਗੁਰੂ ਨਾਨਕ ਗੁਰਦਆਰਾ ਵੈਡਨਸਫੀਲਡ ਵਿਖੇ ਸਥਾਪਤ ਕੀਤਾ ਗਿਆ ਸੀ।

ਸਾਰਾਗੜ੍ਹੀ ਦੇ ਮਹਾਨ ਸ਼ਹੀਦ ਸਰਦਾਰ ਈਸ਼ਰ ਸਿੰਘ ਜੀ ਦੀ ਯਾਦ 'ਚ ਧਾਰਮਿਕ ਸਮਾਗਮ 8 ਸਤੰਬਰ 2024 ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸਾਹਿਬ ਵੈਡਨਸਫੀਲਡ ਵਿਖੇ ਕਰਵਾਇਆ ਜਾ ਰਿਹਾ ਹੈ। ਸਮੂਹ ਸੰਗਤ ਨੂੰ ਇਸ ਮੌਕੇ ਵੱਧ ਤੋਂ ਵੱਧ ਗਿਣਤੀ 'ਚ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

**ਕੌਮਾਂ ਉਹ ਹੀ ਜੱਗ ਤੇ ਜਿਉਂਦੀਆਂ ਨੇ ਜਿਹੜੀ ਕੌਮ ਨੂੰ ਮਰਨ ਦਾ ਝੱਲ ਪੈ ਜਾਏ**
**ਪੈਂਦਾ ਅੰਤ ਨੂੰ ਮੁੱਲ ਕੁਰਬਾਨੀਆਂ ਦਾ ਭਾਵੇਂ ਅੱਜ ਪੈ ਜਾਏ ਭਾਵੇਂ ਕੱਲ੍ਹ ਪੈ ਜਾਏ।**



## -- ★ ਪ੍ਰੋਗਰਾਮ ★ --

ਸਾਰਾਗੜ੍ਹੀ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ 8 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਗੁਰੂ ਨਾਨਕ ਗੁਰੁਦੁਆਰਾ ਸਾਹਿਬ wednesfield ਵਿਖੇ ਪੈਣਗੇ।
ਅਰਦਾਸ ਉਪਰੰਤ ਕੀਰਤਨ ਹੋਵੇਗਾ।
ਗਿਆਰਾਂ ਵਜੇ ਬ੍ਰਿਟਿਸ਼ ਆਰਮੀ ਵੱਲੋਂ ਸਾਗਗੜੀ ਦੇ ਸਮੂਹ ਸ਼ਹੀਦਾ ਨੂੰ ਸ਼ਰਧਾਂਜ਼ਲੀ ਭੇਂਟ ਸਮਾਗਮ ਹੋਣਗੇ।
ਇਸ ਸਮਾਗਮ ਵਿੱਚ ਲੋਕਲ ਐਮ.ਪੀ., ਕੌਂਸਲਰ ਅਤੇ ਪ੍ਰਚਾਰਕ ਪਹੁੰਚਣਗੇ।
ਪ੍ਰਬੰਧਕਾਂ ਵੱਲੋਂ ਆਪ ਸਭ ਜੀ ਨੂੰ ਬੇਨਤੀ ਹੈ ਕੇ ਸਾਰਾਗੜ੍ਹੀ ਦੇ ਸਮੂਹ ਸ਼ਹੀਦਾਂ ਦੀ ਇਸ ਯਾਦਗਾਰ ਮੌਕੇ ਵੱਧ ਤੋਂ ਵੱਧ ਪਹੁੰਚ ਕੇ ਉਹਨਾਂ ਨੂੰ ਸਰਧਾਂਜਲੀ ਭੇਂਟ ਕਰੋ ਜੀ।



## ਸੱਦਾ ਪੱਤਰ


The Council of Sikh Gurdwaras
Wolverhampton

Sunday 8th September 2024

**ਵੈਡਨਸਫੀਲਡ ਗੁਰੂਘਰ ਦੀਆਂ ਸਮੂਹ ਸੰਗਤਾਂ ਵੱਲੋਂ**

**ਆਪ ਜੀ ਨੂੰ ਇਸ ਸਮਾਗਮ ਤੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :- ਭਾਈ ਪਰਮਜੀਤ ਸਿੰਘ ਢਾਡੀ 07917353349

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

# GURU NANAK GURDAWARA

Well Lane, Wednesfield, Wolverhampton,WV11, 1XT, England (UK)


ਸੁਭ ਕਰਮਨ ਤੇ ਕਬਹੂੰ ਨ ਟਰੋਂ ॥
A.I.S.S.F.
ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ
ਜਨਰਲ ਇਜਲਾਸ
ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ
ਅਸਥਾਨ: ਮੀਰੀ ਪੀਰੀ ਹਾਲ
ਬੀੜ ਬਾਬਾ ਬੁੱਢਾ ਸਾਹਿਬ
ਪਿੰਡ ਠੱਠਾ (ਤਰਨ ਤਾਰਨ)
ਮਿਤੀ : 10 ਸਤੰਬਰ 2024
(ਦਿਨ ਮੰਗਲਵਾਰ)
ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ
ਸਮੂੰਹ ਸੰਗਤਾਂ ਨੂੰ ਉਪਰੋਕਤ ਅਸਥਾਨ ਅਤੇ ਸਮੇ ਤੇ
ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ ।
ਗੁਰੂ ਪੰਥ ਦਾ ਦਾਸ:
ਭਾਈ ਮਨਜੀਤ ਸਿੰਘ
ਸਰਪ੍ਰਸਤ ਆਲ ਇੰਡੀਆ ਸਿੱਖ
ਸਟੂਡੈਂਟਸ ਫੈਡਰੇਸ਼ਨ
ਭਾਈ ਕੰਵਰ ਚੜ੍ਹਤ ਸਿੰਘ
ਪ੍ਰਧਾਨ ਆਲ ਇੰਡੀਆ ਸਿੱਖ
ਸਟੂਡੈਂਟਸ ਫੈਡਰੇਸ਼ਨ
M: 9878782228
ਆਵਾਜ਼ਿ ਕੌਮ
AWAZE QAUM
International Newspaper & WEB TV


1984
2024
ਸਲਾਨਾ ਨੈਸ਼ਨਲ ਸਿੱਖ ਕਨਵੈਨਸ਼ਨ
ਸਿੱਖ ਫੈਡਰੇਸ਼ਨ (ਯੂਕੇ) SIKH FEDERATION (UK)
Sikh Federation UK
NATIONAL SIKH CONVENTION
Highlighting the issues facing the Sikh Community & leading the campaign for re-establishing a Sikh homeland
SUNDAY 15 SEPTEMBER 2024
ਸਿੱਖ ਫੈਡਰੇਸ਼ਨ (ਯੂਕੇ) ਦੀ 40ਵੀਂ ਸਲਾਨਾ ਕਨਵੈਨਸ਼ਨ 15 ਸਤੰਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ, ਸੈਜਲੀ ਸਟਰੀਟ, ਵੁਲਵਰਹੈਂਪਟਨ ਵਿਖੇ ਹੋ ਰਹੀ ਹੈ।
ਪ੍ਰੋਗਰਾਮ: ਆਰੰਭ ਸ੍ਰੀ ਅਖੰਡ ਪਾਠ ਸਾਹਿਬ 13 ਸਤੰਬਰ 10 ਵਜੇ ਅਤੇ ਭੋਗ 15 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਉਪਰੰਤ ਵੱਖ ਵੱਖ ਦੇਸ਼ਾਂ ਤੋਂ ਆਏ ਪੰਥਕ, ਰਾਜਨੀਤਕ ਅਤੇ ਧਾਰਮਿਕ ਬੁਲਾਰਿਆਂ ਦੇ ਨਾਲ ਪੰਥ ਦੇ ਮਹਾਨ ਕੀਰਤਨੀ, ਢਾਡੀ ਅਤੇ ਕਵੀਸ਼ਰੀ ਜਥੇ ਪਹੁੰਚ ਰਹੇ ਹਨ ।
ਸਮੂੰਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ 15 ਸਤੰਬਰ ਦਿਨ ਐਤਵਾਰ 10 ਵਜੇ ਕਨਵੈਨਸ਼ਨ ਵਿਚ ਪਹੁੰਚ ਕੇ ਪੰਥਕ ਵਿਚਾਰਾਂ ਸਰਵਣ ਕਰੋ ਜੀ ।
Sri Akhand Paath Sahib Arambh: Fri 13th at 10am
Bhog: Sun 15th at 10am
• Open invitation to all Panthic Organisations and Gurdwaras
• Special guest Panthic & Political speakers from the UK and Internationally
• Release of the 2023-24 SFUK Annual Report
40 YEARS
GURU NANAK GURDWARA
SEDGLEY ST, WOLVERHAMPTON
WV2-3AJ
ਖਾਲਿਸਤਾਨ
KHALISTAN
FOR FURTHER INFORMATION CONTACT:
Bhai Amrik Singh
Chairperson
07860 633 488
Bhai Kuldeep Singh
Vice Chairperson
07938 633 554
Contact your local Gurdwara regarding transport arrangements
Bhai Hardish Singh
Chief Organiser
07886 781724
Bhai Dabinderjit Singh
Principle Advisor
07485 039944
info@sikhfeduk.com
www.sikhfeduk.com
Sikh Federation UK
@Sikhfeduk
@SikhFed_UK

### ਯੂ ਟਿਊਬ ਨੇ ਲਵਸ਼ਿੰਦਰ ਸਿੰਘ ਡੱਲੇਵਾਲ ਦੇ

# ‘ਸ਼ਮਸ਼ੀਰਿ ਦਸਤ’ ਸਮੇਤ ਪੰਜ ਚੈਨਲ ਉਡਾ ਦਿੱਤੇ

**ਲੰਡਨ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵੀਹਵੀਂ ਸਦੀ ਦੇ ਮਹਾਨ ਸ਼ਹੀਦ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਜਥੇਦਾਰ ਦਮਦਮੀ ਟਕਸਾਲ ਵਲੋਂ ਅਰੰਭੇ ਹੋਏ ਸਿੱਖ ਸੰਘਰਸ਼ ਦੌਰਾਨ ਸ਼ਹਾਦਤ ਦਾ ਜਾਮ ਪੀਣ ਵਾਲੇ ਸਿੰਘ ,ਸਿੰਘਣੀਆਂ,ਭੁਝੰਗੀਆਂ ਦੀ ਜਾਣਕਾਰੀ ਦੇ ਰਹੇ “ “ਸ਼ਮਸ਼ੀਰਿ ਦਸਤ” ਨਾਮੀ ਯੂ ਟਿਊਬ ਚੈਨਲਾਂ ਨੂੰ ਖਤਮ ਕਰ ਦਿੱਤਾ ਗਿਆ ਹੈ। ਸ਼ਮਸ਼ੀਰਿ ਦਸਤ ਦੇ ਦੋ ਚੈਨਲਾਂ ਦੇ ਨਾਲ ਨਾਲ ਉਸਦੇ Pride Panth ,Awaze Panth ,Tvlsd ਵੀ ਉਡਾ ਦਿੱਤੇ ਗਏ ਹਨ ।ਇਹਨਾਂ ਪੰਜ ਚੈਨਲਾਂ ਤੇ ਖਾਲਿਸਤਾਨ ਦੇ ਚੱਲ ਰਹੇ ਸੰਘਰਸ਼ ਦੇ ਸ਼ਹੀਦਾਂ ਦੀ ਜਾਣਕਾਰੀ ਅਤੇ ਉਹਨਾਂ ਦੇ ਅਕਸ ਨੂੰ ਸਤਿਕਾਰ ਸਹਿਤ ਪੇਸ਼ ਕਰਦੀਆਂ ਅੱਠ ਸੌ ਵੀਡੀਉਜ਼ ਸਨ ।




> “ਭਾਰਤ ਸਰਕਾਰ ਦੇ ਕਿਸੇ ਵੀ ਧੱਕੇ ਦੀ ਪ੍ਰਵਾਹ ਨਹੀ, ਖਾਲਿਸਤਾਨ ਦਾ ਸੰਘਰਸ਼ ਜਾਰੀ ਰਹੇਗਾ”

ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਨੇ ਦੱਸਿਆ ਕਿ ਸਾਲ 2020 ਦੌਰਾਨ ਪਹਿਲਾ ਸ਼ਮਸ਼ੀਰਿ ਦਸਤ ਯੂ ਟਿਊਬ ਚੈਨਲ ਸ਼ੁਰੂ ਕੀਤਾ ਸੀ ਪਰ ਦੋ ਸਾਲ ਬਾਅਦ ਹੀ ਭਾਰਤ ਸਰਕਾਰ ਨੇ ਉਸਦਾ ਭਾਰਤ ਵਿੱਚ ਪ੍ਰਸਾਰਣ ਬੰਦ ਕਰਾ ਦਿੱਤਾ ਤਾਂ ਉਹਨਾ ਇੱਕ ਚੈਨਲ ਸ਼ੁਰੂ ਕਰ ਦਿੱਤਾ ਜਿਸਨੂੰ ਪਿਛਲੇ ਸਾਲ ਭਾਰਤ ਵਿੱਚ ਚੱਲਣ ਤੋਂ ਰੁਕਵਾਇਆ ਗਿਆ। ਪਰ ਅੱਜ ਸ਼ਮਸ਼ੀਰਿ ਦਸਤ ਚੈਨਲਾਂ ਨੂੰ ਭਾਰਤ ਸਰਕਾਰ ਨੇ ਯੂ ਟਿਊਬ ਤੋਂ ਪੱਕੇ ਤੌਰ ਤੇ ਖਤਮ ਕਰਵਾ ਦਿੱਤਾ ਗਿਆ ਹੈ। ਉਕਤ ਕਾਰਵਾਈ ਸਾਬਤ ਕਰਦੀ ਹੈ ਕਿ ਯੂ ਟਿਊਬ ਸਮੇਤ ਸਮੁੱਚਾ ਸ਼ੋਸ਼ਲ ਮੀਡੀਏ ਵਿੱਚ ਭਾਰਤ ਸਰਕਾਰ ਦੀ ਸਿੱਧੀ ਦਖਲ ਅੰਦਾਜ਼ੀ ਹੈ ।ਜਦਕਿ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਦੇ ਫੇਸਬੁੱਕ ਖਾਤੇ, ਇੰਸਟਾਗਰਾਮ ਅਤੇ ਟਵੀਟਰ ਤਾਂ ਅਨੇਕਾਂ ਵਾਰ ਬੰਦ ਕੀਤੇ ਜਾ ਚੁੱਕੇ ਹਨ। ਹਾਲਾਂ ਕਿ ਸ਼ੋਸ਼ਲ ਮੀਡੀਏ ਵਿੱਚ ਸ਼ਹੀਦਾਂ ਅਤੇ ਸੰਘਰਸ਼ ਦੀ ਜਾਣਕਾਰੀ ਹੀ ਸਾਂਝੀ ਕੀਤੀ ਜਾਂਦੀ ਰਹੀ ਹੈ ।ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵਲੋ ਆਖਿਆ ਗਿਆ ਕਿ ਅਜਿਹੀਆਂ ਕਾਰਵਾਈਆਂ ਸਿੱਖ ਸੰਘਰਸ਼ ਦੇ ਰਾਹ ਵਿੱਚ ਰੋੜੇ ਨਹੀਂ ਅਟਕਾ ਸਕਣਗੀਆਂ । ਖਾਲਿਸਤਾਨ ਦਾ ਸੰਘਰਸ਼ ਆਖਰੀ ਸਾਹ ਤੱਕ ਜਾਰੀ ਰਹੇਗਰ।ਪੰਜਾਬ ਪੁਲਿਸ ਅਤੇ ਭਾਰਤੀ ਫੋਰਸਾਂ ਨੇ ਅਣਗਿਣਤ ਸਿੱਖ ਨੌਜਵਾਨਾਂ ਨੂੰ ਸ਼ਹੀਦ ਕੀਤਾ ਹੈ ,ਅਣਮਨੁੱਖੀ ਤਸ਼ੱਦਦ ਢਾਹੇ ਹਨ । ਦੁਨੀਆਂ ਨੂੰ ਉਹਨਾਂ ਦੀ ਜਾਣਕਾਰੀ ਪਹੁੰਚਾਉਣਾ ਅਤੇ ਭਾਰਤ ਸਰਕਾਰ ਦਾ ਖੂਨੀ ਚਿਹਰਾ ਬੇਨਕਾਬ ਕਰਨਾ ਬਹੁਤ ਜਰੂਰੀ ਹੈ। ਇਸ ਕਾਰਜ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

### ਪੰਜਾਬ ਸਰਕਾਰ ਵੱਲੋਂ ਸਕੂਲ ਦੀ ਨੁਹਾਰ ਬਦਲਣ ਵਾਲੀ ਤਜਰਬੇਕਾਰ ਮਿਹਨਤਕਸ਼ ਪ੍ਰਿੰਸੀਪਲ

# ਪੁਨੀਤ ਪੁਰੀ ਨੂੰ ਦਿੱਤਾ ਗਿਆ “ਸਟੇਟ ਟੀਚਰ ਅਵਾਰਡ”

**ਚੌਂਕ ਮਹਿਤਾ, 6 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋ ਅਧਿਆਪਕ ਦਿਵਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਜੀ ਵੱਲੋ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਪੁਰੀ ਜੀ ਨੂੰ ਅਧਿਆਪਕ ਰਾਜ ਪੁਰਸਕਾਰ ਦਿੱਤਾ ਗਿਆ। ਸ੍ਰੀਮਤੀ ਪੁਨੀਤ ਪੁਰੀ ਜੀ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਨੂਰਪੁਰ ਲੁਬਾਣਾ ਜੀ ਨੇ ਐਮ. ਏ (ਅੰਗਰੇਜ਼ੀ ਅਤੇ ਪੰਜਾਬੀ) ਡੀ.ਏ.ਵੀ ਕਾਲਜ ਜਲੰਧਰ ਤੋਂ ਕੀਤੀ ॥ ਉਹਨਾਂ ਨੇ ਆਪਣੀ ਬੀ.ਐਡ ਅਤੇ ਐਮ.ਐਡ ਦੀ ਡਿਗਰੀ ਸਰਕਾਰੀ ਕਾਲਜ ਆਫ ਐਜੂਕੇਸਨ ਤੋਂ 1994 ਚ ਪਾਸ ਕੀਤੀ॥ ਆਪਣੀ ਪੂਰੀ ਪੜਾਈ ਦੇ ਦੌਰਾਨ ਹੀ ਉਹ ਗੋਲ਼ਡ ਮੈਡਲਿਸਟ ਰਹੇ ॥ ਸਰਕਾਰੀ ਨੌਕਰੀ ਚ ਆਉਣ ਤੋਂ ਪਹਿਲਾਂ ਉਹਨਾਂ ਨੇ ਹਿੰਦੂ ਕੰਨਿਆਂ ਕਾਲਜ ਕਪੂਰਥਲਾ ਅਤੇ ਐਮ.ਜੀ.ਐਸ.ਐਮ ਜਨਤਾ ਕਾਲਜ ਕਰਤਾਰਪੁਰ ਵਿਖੇ ਬਤੌਰ ਅੰਗਰੇਜ਼ੀ ਲੈਕਚਰਾਰ ਆਪਣੀਆਂ ਸੇਵਾਵਾਂ ਨਿਭਾਈਆਂ॥ ਸਾਲ 1996 ਚ ਉਹ ਡਾਈਟ ਸ਼ੇਖੂਪੁਰ (ਕਪੂਰਥਲਾ ) ਵਿਖੇ ਡਾਇਰੈਕਟ ਅੰਗਰੇਜ਼ੀ ਲੈਕਚਰਾਰ ਨਿਯੁਕਤ ਹੋਏ ॥ ਸਾਲ 1998 ਚ ਉਹਨਾਂ ਦਾ ਤਬਾਦਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਤਾਰਪੁਰ ਵਿਖੇ ਹੋਇਆ ॥ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਤਾਰਪੁਰ ਚ ਉਹਨਾਂ ਨੇ ਦਸੰਬਰ 2017 ਤੱਕ ਬਤੌਰ ਅੰਗਰੇਜ਼ੀ ਲੈਕਚਰਾਰ ਸੇਵਾਵਾਂ ਨਿਭਾਈਆਂ ॥ 26 ਦਸੰਬਰ 2017 ਨੂੰ ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਵਿਖੇ ਬਤੌਰ ਪ੍ਰਿੰਸੀਪਲ ਨਿਯੁਕਤ ਹੋਏ ਅਤੇ ਜਿੱਥੇ ਹੁਣ ਤੱਕ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ॥ ਵਿਦਿਅਕ ਖੇਤਰ ਚ ਵਧੀਆ ਕਾਰਗੁਜ਼ਾਰੀ ਕਾਰਨ ਉਹਨਾਂ ਨੂੰ 29 ਮਈ 2017 ਚ ਮਾਲਤੀ ਗਿਆਨਪੀਠ ਪੁਰਸਕਾਰ ਮਾਨਯੋਗ ਰਾਸ਼ਟਰਪਤੀ ਪ੍ਰਣਬ ਮੁਖਰਜੀ ਜੀ ਵੱਲੋ ਪ੍ਰਾਪਤ ਹੋਇਆ ॥ ਵਿਦਿਅਕ ਖੇਤਰ ਚ ਉਹਨਾ ਵੱਲੋ ਪਾਏ ਗਏ ਵਡਮੁੱਲੇ ਯੋਗਦਾਨ ਬਦੌਲਤ ਉਹਨਾਂ ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਬੈਸਟ ਐਡਮਿਨਸਟਰੇਟਿਵ ਅਵਾਰਡ ਦਿੱਤਾ ਗਿਆ ॥ ਸਿੱਖਿਆ ਦੇ ਹਰ ਖੇਤਰ ਚ ਉਹਨਾਂ ਵੱਲੋ ਪਾਏ ਗਏ ਵਡਮੁੱਲੇ ਯੋਗਦਾਨ ਬਦੌਲਤ ਉਹਨਾਂ ਨੂੰ ਸਿੱਖਿਆ ਵਿਭਾਗ ਵੱਲੋਂ ਸਮੇਂ ਸਮੇਂ ਤੇ ਪ੍ਰਸੰਸਾਂ ਪੱਤਰ ਦੇ ਕਿ ਨਿਵਾਜਿਆ ਗਿਆ ॥ ਪਿੰਡ ਦੇ ਪਤਵੰਤੇ ਸੱਜਣ, NRI ਅਤੇ ਆਈ.ਟੀ.ਸੀ ਕੰਪਨੀ ਦੇ ਸਹਿਯੋਗ ਸਦਕਾ 80 ਲੱਖ ਤੋ ਵੱਧ ਦੀ ਰਾਸ਼ੀ ਖਰਚ ਕਿ ਸਕੂਲ ਦੀ ਨੁਹਾਰ ਬਦਲ ਦਿੱਤੀ ਗਈ ॥



ਸਕੂਲ ਵਿੱਚ ਬੱਚਿਆਂ ਦੇ ਸਰਵਪੱਖੀ ਵਿਕਾਸ ਮੁੱਖ ਰੱਖਦੇ ਹੋਏ ਭਾਰਤ ਸਰਕਾਰ ਵੱਲੋ ਪਿੰਡ ਦੀ ਪੰਚਾਇਤ ਨੂੰ ਬਾਲ ਹਿਤੈਸ਼ੀ ਗ੍ਰਾਮ ਪੰਚਾਇਤ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ॥ ਡਾਕਟਰ ਪ੍ਰਗਵਾਨ ਡੰਗਵਾਲ ਜੀ ਨੇ ਆਪਣੀ ਪ੍ਰਸਿੱਧ ਕਿਤਾਬ “women steer community Development “ਚ ਭਾਰਤ ਦੀਆਂ 11 ਪ੍ਰਸਿੱਧ ਸ਼ਕਤੀਸਾਲੀ ਔਰਤਾਂ ਦਾ ਜ਼ਿਕਰ ਉਹਨਾਂ ਚ ਇਕ ਨਾਮ ਪ੍ਰਿੰਸੀਪਲ ਪੁਨੀਤ ਪੁਰੀ ਜੀ ਦਾ ਵੀ ਹੈ।

### ਵਿਦਿਆਰਥੀਆਂ ਵੱਲੋਂ ਮਜ਼ਦੂਰ, ਕਿਸਾਨ, ਵਾਤਾਵਰਨ ਪੱਖੀ ਖੇਤੀ ਨੀਤੀ ਲਾਗੂ ਕਰਵਾਉਣ ਲਈ ਚੰਡੀਗੜ ਵਿਖੇ ਲੱਗੇ ਮੋਰਚੇ ਦਾ ਕੀਤਾ ਸਮਰਥਨ

# ਕਾਲਜਾਂ ’ਚ ਪੱਕੀ ਭਰਤੀ ਕਰਨ ਦੀ ਮੰਗ ਅਤੇ ਗੈਸਟ ਫੈਕਲਟੀ ਅਧਿਆਪਕਾਂ ਦੇ ਹੱਕ ’ਚ ਕੀਤਾ ਪ੍ਰਦਰਸ਼ਨ

ਤਲਵੰਡੀ ਸਾਬੋ, 06 ਸਤੰਬਰ (ਗੁਰਜੰਟ ਸਿੰਘ ਨਥੇਹਾ)– ਅੱਜ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਪੀ ਐਸ ਯੂ (ਸ਼ਹੀਦ ਰੰਧਾਵਾ) ਜਥੇਬੰਦੀ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਧਰਨੇ ਉੱਪਰ ਬੈਠੇ ਗੈਸਟ ਫੈਕਲਟੀ ਅਧਿਆਪਕਾਂ ਦੀ ਹਮਾਇਤ ਵਿੱਚ ਕੈਂਪਸ ’ਚ ਰੈਲੀ ਉਪਰੰਤ ਕਾਲਜ ਦੇ ਗੇਟ ਤੱਕ ਮੁਜਾਹਰਾ ਕੀਤਾ ਗਿਆ। ਵਿਦਿਆਰਥੀ ਆਗੂ ਵੀਰ ਗੁਰਸਰ ਅਤੇ ਸਿਮਰ ਤਲਵੰਡੀ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਧਰਨੇ ਉੱਪਰ ਬੈਠੇ ਗੈਸਟ ਫੈਕਲਟੀ ਅਧਿਆਪਕਾਂ ਦਾ ਸਾਰਾ ਮਸਲਾ ਵਿਦਿਆਰਥੀਆਂ ਨੂੰ ਦੱਸਿਆ ਗਿਆ। ਇਹਨਾਂ ਅਧਿਆਪਕਾਂ ਨੂੰ ਕਾਲਜ ਵਿੱਚ ਪੱਕੇ ਕਰਨ ਦੀ ਮੰਗ ਰੱਖੀ ਗਈ। ਅਤੇ ਨਾਲ ਹੀ ਦੱਸਿਆ ਗਿਆ ਕਿ ਸਰਕਾਰੀ ਕਾਲਜਾਂ ’ਚ ਵੱਡੀ ਗਿਣਤੀ ’ਚ ਅਸਾਮੀਆਂ ਖਾਲੀ ਹਨ, ਜਿਹੜੇ ਮੁਲਾਜ਼ਮ, ਕਰਮਚਾਰੀ ਅਤੇ ਅਧਿਆਪਕ ਹਨ ਉਹ ਰੈਗੂਲਰ ਨਹੀਂ ਸਨ ਕਿਉਕਿ ਸਰਕਾਰ ਸਿੱਖਿਆ ਨੂੰ ਪ੍ਰਾਈਵੇਟ ਕਰਨ ਵੱਲ ਵਧ ਰਹੀ ਹੈ। ਵਿਦਿਆਰਥੀ ਆਗੂ ਅਮਿਤੋਜ਼ ਮੌੜ ਵੱਲੋਂ ਮੌਜੂਦਾ ਸਿੱਖਿਆ ਪ੍ਰਣਾਲੀ, ਸਿਹਤ, ਪੀ.ਟੀ.ਏ ਫੰਡ ਦੇ ਮਸਲੇ ਅਤੇ ਜਥੇਬੰਦੀ ਦੀਆਂ ਪ੍ਰਾਪਤੀਆਂ ’ਤੇ ਚਰਚਾ ਕੀਤੀ। ਆਗੂ ਨੇ ਦੱਸਿਆ ਕਿ ਚੰਡੀਗੜ੍ਹ ’ਚ ਦੋ ਕਿਸਾਨ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਖੇਤੀ ਨੀਤੀ ਬਣਾਉਣ ਲਈ ਮੋਰਚਾ ਲਗਾਇਆ ਗਿਆ ਹੈ ਜਿਸ ’ਚ ਮੰਗ ਹੈ ਕਿ ਲੈਂਡ ਸੀਲਿੰਗ ਐਕਟ ਲਾਗੂ ਕੀਤਾ ਜਾਵੇ, ਸੂਦਖੋਰੀ ਦਾ ਖਾਤਮਾ ਕੀਤਾ ਜਾਵੇ, ਵਾਤਾਵਰਨ ਪੱਖੀ ਫ਼ਸਲੀ ਚੱਕਰ ਪ੍ਰਫੁੱਲਤ ਕੀਤਾ ਜਾਵੇ ਅਤੇ ਖੇਤੀ ’ਚੋਂ ਸਾਮਰਾਜੀ ਕੰਪਨੀਆਂ ਨੂੰ ਬਾਹਰ ਕੀਤਾ ਜਾਵੇ।ਵਿਦਿਆਰਥੀ ਆਗੂਆਂ ਨੇ ਕਿਹਾ ਕਿ ਇਹਨਾਂ ਮੰਗਾਂ ਵਾਲੀ ਖੇਤੀ ਨੀਤੀ ਲਾਗੂ ਹੋਣ ਨਾਲ ਸਾਰੇ ਸਮਾਜ ਦੀ ਤਰੱਕੀ ਹੋਣੀ ਹੈ ਤਾਂ ਸਾਨੂੰ ਵੀ ਇਸ ਮੋਰਚੇ ਦਾ ਸਮਰਥਨ ਕਰਨਾ ਚਾਹੀਦਾ ਹੈ। ਅੱਜ ਦੇ ਇਕੱਠ ’ਚ ਵੱਡੀ ਗਿਣਤੀ ’ਚ ਵਿਦਿਆਰਥੀ ਹਾਜਰ ਸਨ।



# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪਿੰਡ ਫੱਤੂਭੀਲਾ ਵਿਖੇ ਗੁਰਮੱਤ ਸਮਾਗਮ ਕਰਵਾਇਆ





**ਚੌਕ ਮਹਿਤਾ, 6 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਗੁਰਦੁਆਰਾ ਸ੍ਰੀ ਸਿੰਘ ਸਭਾ ਪਿੰਡ ਫੱਤੂਭੀਲਾ ਵਿਖੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ 450ਸਾਲਾ ਗੁਰਿਆਈ ਅਤੇ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਦੇ 450 ਸਾਲਾਂ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਗੁਰਮੱਤ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਰਾਗੀ ਭਾਈ ਹਰਮੀਤ ਸਿੰਘ, ਭਾਈ ਜਗਦੇਵ ਸਿੰਘ, ਭਾਈ ਕੁਲਦੀਪ ਸਿੰਘ ਜੀ ਦੇ ਜਥੇ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸਰਵਨ ਕਰਵਾਏ, ਇਸ ਮੌਕੇ ਤੇ ਬੱਚਿਆਂ ਨੂੰ ਇਤਹਾਸ ਬਾਰੇ ਜਾਣੂ ਕਰਾਇਆ, ਜੇਤੂ ਬੱਚਿਆਂ ਨੂੰ ਮੈਡਲ ਅਤੇ ਸਿਰਪਾਉ ਦੇਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਿੱਖ ਪੰਥ ਦਾ ਮਹਾਨ ਇੰਟਰਨੈਸ਼ਨਲ ਗੋਲਡ ਮੈਡਲ ਢਾਡੀ ਜਥੇ ਦੇ ਮੁੱਖੀ ਗਿਆਨੀ ਮਲਕੀਅਤ ਸਿੰਘ ਬੱਗਾ ਨੇ ਗੁਰੂ ਇਤਹਾਸ ਦੀ ਸਾਂਝ ਪਾਈ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਜੀ ਦੇ ਹੈਡ ਗ੍ਰੰਥੀ ਸਾਹਿਬ ਭਾਈ ਜੋਗਾ ਸਿੰਘ ਜੀ ਨੇ ਰਾਗੀ ਜਥੇ ਨੂੰ ਸਿਰਪਾਉ ਦੇਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਕੁਲਵਿੰਦਰ ਸਿੰਘ, ਸੁਖਵੰਤ ਸਿੰਘ, ਚਰਨਜੀਤ ਸਿੰਘ ਹਰਪਾਲ ਸਿੰਘ, ਪ੍ਰਿਪਾਲ ਸਿੰਘ, ਆਦਿ ਸੇਵਾਦਾਰ ਹਾਜ਼ਰ ਸਨ। ਗੁਰੂ ਜੀ ਦਾ ਲੰਗਰ ਆਟੁਤ ਵਰਤਿਆ ਗਿਆ।

## ਮਾਨ ਸਰਕਾਰ ਵੱਲੋ ਆਮ ਲੋਕਾਂ ਲਈ ਰਜਿਸਟਰੀ ਲਈ ਐਨ.ਓ.ਸੀ ਦੀ ਸ਼ਰਤ ਖਤਮ ਕਰਨਾ ਇਤਿਹਾਸਕ ਫੈਸਲਾ ਹੈ : ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਮੁੱਖ ਮੰਤਰੀ ਪੰਜਾਬ ਸ, ਭਗਵੰਤ ਸਿੰਘ ਮਾਨ ਨੇ ( ਪਲਾਟਾਂ ) ਤੇ ਐਨ.ਓ. ਸੀ ਦੀ ਸ਼ਰਤ ਖਤਮ ਕਰ ਕੇ ਪੰਜਾਬੀਆ ਨੂੰ ਵੱਡਾ ਤੋਹਫਾ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਟ ਪਲਾਂਟ ਸੰਗਰੂਰ, ਆਪ ਆਗੂ ਜਗਸੀਰ ਸਿੰਘ ਜੱਗਾ ਭੋਜੋਵਾਲੀ, ਆਪ ਆਗੂ ਗੁਰਪ੍ਰੀਤ ਸਿੰਘ ਰੰਗੀਆਂ,ਆਪ ਆਗੂ ਅਵਤਾਰ ਸਿੰਘ ਭਸੌੜ, ਆਪ ਆਗੂ ਗੁਰਮੇਲ ਸਿੰਘ ਬੁਰਜਗੌਹਰਾ ਨੇ ਸਾਂਝੇ ਤੌਰ ਤੇ ਕੀਤਾ ।ਆਗੂਆਂ ਨੇ ਕਿਹਾ ਕਿ ਇਸ ਤੋਹਫੇ ਤੋਂ ਆਮ ਲੋਕਾਂ ਨੂੰ ਪਤਾ ਲੱਗ ਜਾਣਾ ਚਾਹੀਦਾ ਹੈ ਕਿ ਸ.ਭਗਵੰਤ ਮਾਨ ਦੇ ਇਸ ਫੈਸਲੇ ਦਾ ਮੁੱਖ ਉਦੇਸ਼ ਆਮ ਲੋਕਾਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ। ਪੰਜਾਬ ਦੇ ਆਮ ਲੋਕਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਨੇ ਵਿਧਾਨ ਸਭਾ ਵਿਚ ਇਤਿਹਾਸਕ ਬਿੱਲ ‘ਪੰਜਾਬ ਅਪਾਰਮੈਂਟ ਐਂਡ ਪ੍ਰਾਪਟੀ ਰੈਗੁਲੇਸ਼ਨ (ਸੋਧ) ਐਕਟ 2024 ਨੂੰ ਸਰਬ ਸੰਮਤੀ ਨਾਲ ਪਾਸ ਕਰਦਿਆ ਪਲਾਟ ਦੀ ਰਜਿਜਸਟਰੀ ਲਈ ਕੋਈ ਸਰਟੀਫਿਕੇਟ (ਐਨ.ਓ.ਸੀ) ਦੀ ਸ਼ਰਤ ਨੂੰ ਖਤਮ ਕਰ ਦਿੱਤਾ ਗਿਆ ਹੈ ਅਤੇ ਇਸ ਨਾਲ ਪੰਜਾਬੀਆ ਨੂੰ ਵੱਡੀ ਰਾਹਤ ਮਿਲੇਗੀ।

## ਐਨ.ਓ.ਸੀ. ਦੀ ਸ਼ਰਤ ਖਤਮ ਹੋਣ ਨਾਲ ਗਰੀਬ ਤੇ ਮੱਧ ਵਰਗੀ ਪਰਿਵਾਰਾਂ ਵਿੱਚ ਖੁਸ਼ੀ ਦੀ ਲਹਿਰ:ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾ

( ਬਾਬਾ ਸੁਖਵੰਤ ਸਿੰਘ ਚੰਨਣਕੇ )ਪੰਜਾਬ ਵਿੱਚ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਇਸ ਉਦੋਂ ਤੋਂ ਹੀ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਈ ਅਜਿਹੇ ਇਤਿਹਾਸਿਕ - ਫੈਸਲੇ ਲਏ ਗਏ ਹਨ ਜਿਨਾਂ - ਨਾਲ ਸਿੱਧੇ ਤੌਰ ਤੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਲਾਭ ਪਹੁੰਚਿਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਜੰਡਿਆਲਾ ਗੁਰੂ ਸੀਨੀਅਰ ਲੀਡਰ ਠੇਕੇਦਾਰ ਸ, ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਪੱਤਰਕਾਰਾਂ ਦੌਰਾਨ ਸਾਂਝਾ ਕੀਤਾ ਉਹਨਾਂ ਕਿਹਾ ਕਿ ਹਾਲ - ਹੀ ਵਿੱਚ ਭਗਵੰਤ ਮਾਨ ਵੱਲੋਂ 500 ਗਜ ਤੱਕ ਦੇ ਪਲਾਟਾਂ ਉੱਪਰ ਐਨ.ਓ.ਸੀ. ਖਤਮ = ਕਰਨ ਦਾ ਲਿਆ ਗਿਆ ਫੈਸਲਾ ਇੱਕ ਇਤਿਹਾਸਿਕ ਕਦਮ ਹੈ ਇਸ ਨਾਲ ਜਿੱਥੇ ਸਿੱਧੇ ਤੌਰ ਤੇ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਘਰ ਬਣਾਉਣ ਲਈ ਇੱਕ ਵੱਡੀ ਰਾਹਤ ਮਿਲੇਗੀ, ਉਥੇ ਉਨਾਂ ਦੇ ਸੁਪਨੇ ਸਾਕਾਰ ਹੋਣ ਨਾਲ ਉਹਨਾਂ ਦਾ ਸਰਕਾਰ ਵਿੱਚ ਭਰੋਸਾ ਵਧੇਗਾ ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਬਿਜਲੀ ਦੇ ਬਿੱਲ ਮਾਫ ਕਰਕੇ ਮੁੱਖ ਮੰਤਰੀ ਪੰਜਾਬ ਨੇ ਸਮੁੱਚੇ ਪੰਜਾਬ ਵਾਸੀਆਂ ਨੂੰ ਇੱਕ ਵੱਡਾ ਆਰਥਿਕ ਲਾਭ ਦਿੱਤਾ ਸੀ ਅਤੇ ਹੁਣ ਇਸੇ ਤਰ੍ਹਾਂ ਇੱਕ ਵਾਰ ਫਿਰ ਉਹਨਾਂ ਨੇ ਗਰੀਬ ਅਤੇ ਲੋੜਵੰਦਾਂ ਦੀ ਬਾਂਹ ਫੜ ਕੇ ਲੋਕਸ਼ਾਹੀ ਨੂੰ ਪਹਿਲ ਦਿੱਤੀ ਹੈ। ਮੁੱਖ ਮੰਤਰੀ ਵੱਲੋਂ ਲਏ ਗਏ ਇਸ ਫੈਸਲੇ ਨਾਲ ਹੁਣ ਪੰਜਾਬ ਵਿੱਚ ਪ੍ਰਾਪਟੀ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਨੂੰ ਵੀ ਵੱਡਾ ਲਾਭ ਪਹੁੰਚੇਗਾ ਆਮ ਆਦਮੀ ਪਾਰਟੀ ਦੇ ਸਮੂਹ ਵਰਕਰਾਂ ਨੇ ਵੀ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ ਦਾ ਇਸ ਫੈਸਲੇ ਲਈ ਧੰਨਵਾਦ ਕੀਤਾ।



### ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਵਿਖੇ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ



**ਚੌਂਕ ਮਹਿਤਾ, 6 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ, ਮਹਿਤਾ ਚੌਂਕ ਵੱਲੋਂ ਸਾਂਝੇ ਤੌਰ 'ਤੇ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਾਰੇ ਸਟਾਫ਼, ਵਿਦਿਆਰਥੀਆਂ ਅਤੇ ਮੈਨਜ਼ਮੈਂਟ ਵੱਲੋਂ ਉਚੇਚੇ ਤੌਰ 'ਤੇ ਇਸ ਦਿਨ ਸੰਬੰਧੀ ਪ੍ਰੋਗਰਾਮ ਉਲੀਕਿਆ ਗਿਆ।ਜਿਸ ਵਿੱਚ ਵਿਦਿਆਰਥੀਆਂ ਨੇ ਸ਼ਬਦ ਗਾਇਨ, ਕਵਿਤਾ, ਭਾਸ਼ਣ ਅਤੇ ਹੋਰ ਗਤੀਵਿਧੀਆ ਰਾਂਹੀ ਸਮੂਹ ਸੰਗਤ ਨੂੰ ਬਾਣੀ ਦੇ ਰਸ ਨਾਲ ਜੋੜਿਆ। ਇਸ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਸੰਬੰਧੀ ਚੱਲ ਰਹੇ ਸਹਿਜਪਾਠ ਦਾ ਭੋਗ ਪਾਇਆ ਗਿਆ, ਉਪਰੰਤ ਕਥਾ ਵਿਚਾਰ ਕੀਤੀ ਗਈ। ਸਕੂਲ ਦੇ ਧਾਰਮਿਕ ਅਧਿਆਪਕ ਮੈਡਮ ਜਗਦੀਪ ਕੌਰ ਨੇ ਵਿਦਿਆਰਥੀਆ ਨੂੰ ਸਿੱਖ ਧਾਰਮਿਕ ਇਤਿਹਾਸ ਬਾਰੇ ਜਾਣੂ ਕਰਵਾਇਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਬੰਧੀ ਬਾਰੀਕ ਜਾਣਕਾਰੀ ਦਿੱਤੀ। ਸਕੂਲ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆ ਨੂੰ ਆਪਣੇ ਇਤਿਹਾਸ ਨਾਲ ਜੁੜਨ ਲਈ ਪ੍ਰੇਰਿਆ ਅਤੇ ਪਾਵਨ ਸਰੂਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਵਿਸ਼ਾਲ ਅਤੇ ਅਦੁੱਤੀ ਮਹਿਮਾ ਬਾਰੇ ਸਮੂਹ ਸੰਗਤ ਨੂੰ ਜਾਣੂ ਕਰਵਾਇਆ।

# ਸਰਵੋਤਮ ਸੇਵਾਵਾਂ ਨਿਭਾਉਣ 'ਤੇ ਅਧਿਆਪਕ ਹਰਮਨਪ੍ਰੀਤ ਸਿੰਘ ਸਨਮਾਨਿਤ




**ਚੌਂਕ ਮਹਿਤਾ, 6 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਾਸ਼ਟਰੀ ਅਧਿਆਪਕ ਦਿਵਸ ਮੌਕੇ ਆਲਮੀ ਪੰਜਾਬੀ ਵਿਰਾਸਤ ਫਾਉਡੇਸਨ ਵਲੋ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਦੇ ਅਧਿਆਪਕ ਸ੍ਰ ਹਰਮਨਪ੍ਰੀਤ ਸਿੰਘ ਜੀ ਨੂੰ ਉਹਨਾਂ ਦੀਆ ਸਰਵੋਤਮ ਸੇਵਾਵਾਂ ਲਈ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਜਿਲ੍ਹਾ ਸਿੱਖਿਆ ਅਫ਼ਸਰ ਸ੍ਰ ਹਰਭਗਵੰਤ ਸਿੰਘ,ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਸਮੇਤ ਕਈ ਸਕੂਲਾਂ ਦੇ ਪ੍ਰਿੰਸੀਪਲ ਅਤੇ ਸ਼ਹਿਰ ਦੀਆ ਕਈ ਸੰਸਥਾਵਾਂ ਦੇ ਮੁੱਖੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਪ੍ਰਿੰਸੀਪਲ ਮੋਨਿਕਾ ਜੀ ਨੇ ਇਸ ਮੌਕੇ ਆਲਮੀ ਪੰਜਾਬੀ ਵਿਰਾਸਤ ਫਾਉਡੇਸ਼ਨ ਦੇ ਪ੍ਰਧਾਨ ਸ੍ਰ ਭੁਪਿੰਦਰ ਸਿੰਘ ਸੰਧੂ ਅਤੇ ਜਨਰਲ ਸਕੱਤਰ ਡਾ .ਸੁਖਦੇਵ ਸਿੰਘ ਸਿੰਘ ਸੇਖੋਂ ਦਾ ਸ੍ਰ ਹਰਮਨਪ੍ਰੀਤ ਸਿੰਘ ਦਾ ਸਨਮਾਨ ਕਰਨ ਤੇ ਧੰਨਵਾਦ ਕੀਤਾ ਅਤੇ ਪੰਜਬ ਦੀ ਸੰਸਕ੍ਰਿਤੀ ਅਤੇ ਭਾਸ਼ਾ ਦੀ ਸੰਭਾਲ ਲਈ ਸੰਸਥਾ ਵਲੋ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਜੀ

### ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਸਬੰਧੀ ਈਮਾਨ ਸਿੰਘ ਮਾਨ ਦੀ ਰਹਿਨੁਮਾਈ ਹੇਠ ਹੋਈ ਮੀਟਿੰਗ 'ਚ

# ਤਰਲੋਕ ਸਿੰਘ ਬਿੱਟਾ ਨੂੰ ਸ਼ਹਿਰੀ ਪ੍ਰਧਾਨ ਕੀਤਾ ਨਿਯੁਕਤ



ਜੰਡਿਆਲਾ ਗੁਰੂ 6 ਸਤੰਬਰ ( ਕੁਲਵੰਤ ਸਿੰਘ ਵਿਰਦੀ) ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਇਲੈਕਸ਼ਨਾਂ ਸਬੰਧੀ ਹੰਗਾਮੀ ਮੀਟਿੰਗ ਕੀਤੀ ਗਈ ਇਸ ਮੀਟਿੰਗ ਵਿੱਚ ਸ੍ਰ ਸਿਮਰਨਜੀਤ ਸਿੰਘ ਮਾਨ ਦੇ ਬੇਟੇ ਸ੍ਰ ਈਮਾਨ ਸਿੰਘ ਮਾਨ ਜੀ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਅਤੇ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਉਨਾਂ ਕਿਹਾ ਕਿ ਗੁਰਦੁਆਰਾ ਸੁਧਾਰ ਲਹਿਰ ਦੇ ਤਹਿਤ ਸ਼੍ਰੋਮਣੀ ਕਮੇਟੀ ਦੀਆਂ ਨਵੀਆਂ ਬਣ ਰਹੀਆਂ ਵੋਟਾਂ ਦਾ ਘੱਟ ਬਣਨਾ ਚਿੰਤਾ ਦਾ ਵਿਸ਼ਾ ਇਸ ਲਈ ਹਰ ਇੱਕ ਗੁਰਸਿੱਖ ਪਿਆਰਾ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਹੋਇਆਂ ਆਪਣੇ ਸਬੰਧੀਆਂ ਅਤੇ ਆਸਪਾਸ ਦੀਆਂ ਸੰਗਤਾਂ ਦੀਆਂ ਵੋਟਾਂ ਬਣਾਉਣ ਵਿੱਚ ਮਦਦ ਕਰੇ ਤਾਂ ਜੋ ਗੁਰੂ ਘਰਾਂ ਦੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਚੰਗੇ ਗੁਰਸਿੱਖਾਂ ਨੂੰ ਅੱਗੇ ਲੈ ਕਿ ਆਈਏ ਤਾਂ ਜੋ ਸਿੱਖ ਕੌਮ ਦੇ ਦਰਦ ਨੂੰ ਸਮਝਦਿਆਂ ਹੋਇਆਂ ਕੌਮ ਦੇ ਹਿਤਾਂ ਖਾਤਰ ਫੈਸਲੇ ਲੈ ਸਕੇ ਇਸ ਮੌਕੇ ਈਮਾਨ ਸਿੰਘ ਮਾਨ ਵੱਲੋਂ ਵੱਖ ਵੱਖ ਅਹੁਦੇਦਾਰਾਂ ਦਾ ਐਲਾਨ ਕਰਦਿਆਂ ਹੋਇਆਂ ਜੰਡਿਆਲਾ ਗੁਰੂ ਦੇ ਸ਼ਹਿਰੀ ਪ੍ਰਧਾਨ ਵਜੋਂ ਭਾਈ ਤਰਲੋਕ ਸਿੰਘ ਬਿੱਟਾ ਨੂੰ ਸੇਵਾ ਦਾ ਮੌਕਾ ਬਖਸ਼ਿਆ ਅਤੇ ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਵਾਰਡ ਨੰਬਰ 15,ਬਲਾਕ ਪ੍ਰਧਾਨ ਭੁਪਿੰਦਰ ਸਿੰਘ ਧੁੰਨਾਂ, ਨਵਦੀਪ ਸਿੰਘ ਬੱਬੂ ਵਾਰਡ ਨੰਬਰ 5 , ਰਾਜਪਿੰਦਰ ਸਿੰਘ ਪ੍ਰਧਾਨ ਵਾਰਡ ਨੰਬਰ 14, ਗੁਰਪਿੰਦਰ ਸਿੰਘ ਠੱਠੀਆਂ ਜੰਡਿਆਲਾ ਬਲਾਕ ਪ੍ਰਧਾਨ, ਮਾਨਾਂਵਾਲ ਸਰਕਲ ਪ੍ਰਧਾਨ ਲਖਵਿੰਦਰ ਸਿੰਘ ਲੱਖਾ, ਜਰਨਲ ਸੈਕਟਰੀ ਬਲਾਕ ਜੰਡਿਆਲਾ ਗੁਰੂ ਯੂਥ ਵਿੰਗ ਗੁਰਿੰਦਰ ਸਿੰਘ ਤਲਵੰਡੀ ਡੋਗਰਾਂ ਆਦਿ ਨੂੰ ਅਹੁਦੇਦਾਰ ਨਿਯੁਕਤ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸਬੰਧੀ ਗਤੀਵਿਧੀਆਂ ਨੂੰ ਤੇਜ਼ ਕਰਨ ਲਈ ਸੇਵਾ ਦਾ ਮੌਕਾ ਬਖਸ਼ਿਆ ਗਿਆ ਇਸ ਮੌਕੇ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਸ੍ਰ ਈਮਾਨ ਸਿੰਘ ਮਾਨ ਅਤੇ ਉਨ੍ਹਾਂ ਦੇ ਨਾਲ ਪਹੁੰਚੇ ਪਤਵੰਤਿਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ 9 ਇਸ ਮੌਕੇ ਸਰਪੰਚ ਬਲਕਾਰ ਸਿੰਘ ਬਾਲੀਆਂ ਵੱਲੋਂ ਸਟੇਜ ਸੈਕਟਰੀ ਦੀ ਸੇਵਾ ਨਿਭਾਈ ਗਈ  ਇਸ ਮੌਕੇ ਐਡਵੋਕੇਟ ਮਨਦੀਪ ਸਿੰਘ ਭੰਗਵਾਂ,,ਗੋਲਡੀ ਸੰਤ ਮਕੈਨੀਕਲ, ਬੀਬੀ ਪਰਮਿੰਦਰ ਕੌਰ, ਬੀਬੀ ਹਰਪ੍ਰੀਤ ਕੌਰ, ਬੀਬੀ ਸਤਨਾਮ ਕੌਰ, ਬੀਬੀ ਜਪਨੂਰ ਕੌਰ ਆਦਿ ਹਾਜ਼ਰ ਸਨ।

# ਪਿੰਡ ਜਾਣੀਆਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ 8 ਨੂੰ : ਭਾਈ ਸਰਬਜੀਤ ਸਿੰਘ



**ਜੰਡਿਆਲਾ ਗੁਰੂ, 6 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਤੋਂ ਥੋੜ੍ਹੀ ਦੂਰੀ ਤੇ ਪਿੰਡ ਜਾਣੀਆਂ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਡਿੱਠੇ ਸਭਿ ਥਾਵਹਿ ਨਹੀ ਤੁਧੁ ਜੇਹਿਆ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਸਾਹਿਬ ਭਾਈ ਸਰਬਜੀਤ ਸਿੰਘ ਕੰਗ ਜੀ ਨੇ ਕਿਹਾ ਕਿ 8 ਸਤੰਬਰ ਦਿਨ ਐਤਵਾਰ ਨੂੰ ਪਿੰਡ ਜਾਣੀਆਂ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ਾਮ 4 ਵਜੋਂ ਦੇ ਕਰੀਬ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਹੋਣਗੇ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਤੋਂ ਉਪਰੰਤ ਰਹਰਾਸਿ ਸਾਹਿਬ ਜੀ ਦੇ ਪਾਠ ਕੀਤੇ ਜਾਣਗੇ ਅਤੇ ਸੰਧਿਆ ਦੀ ਸਮਾਪਤੀ ਤੋਂ ਉਪਰੰਤ 7 ਵਜ਼ੇ ਤੋਂ ਲੈਕੇ 9 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸ਼੍ਰੋਮਣੀ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਜੰਡਿਆਲਾ ਗੁਰੂ ਵਾਲੇ ਸੰਗਤਾਂ ਨਾਲ ਕਥਾ ਵੀਚਾਰਾਂ ਦੀ ਸਾਂਝ ਪਾਉਣਗੇ ਅੱਗੇ ਭਾਈ ਸਰਬਜੀਤ ਸਿੰਘ ਜੀ ਨੇ ਬੇਨਤੀ ਕਰਦਿਆਂ ਹੋਇਆਂ ਕਿਹਾ ਕਿ ਸਮੂਹ ਸੰਗਤਾਂ ਪ੍ਰੀਵਾਰਾਂ ਸਹਿਤ  ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਲਾਹੇ ਪ੍ਰਾਪਤ ਕਰੋ  ਇਸ ਮੌਕੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ।

# ਪੰਜਾਬ ਦੇ ਭਲੇ ਲਈ ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਅਤਿ ਜ਼ਰੂਰੀ ਹੈ : ਰਣਜੀਤ ਸਿੰਘ ਰੰਧਾਵਾ ਕਾਤਰੋਂ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਅਤੇ ਪੰਜਾਬੀਅਤ ਦੇ ਭਲੇ ਲਈ ਖੇਤਰੀ ਪਾਰਟੀ ਦਾ ਤਕੜੇ ਹੋਣਾ ਅਤਿ ਜਰੂਰੀ ਹੈ ਕਿਉਂਕਿ ਅਸਲ ਵਿੱਚ ਖੇਤਰੀ ਪਾਰਟੀ ਨੂੰ ਸੂਬੇ ਦੇ ਅਸਲੀ ਮੁੱਦਿਆਂ ਬਾਰੇ ਗਿਆਨ ਹੁੰਦਾ ਹੈ, ਇਸ ਲਈ ਖੇਤਰੀ ਪਾਰਟੀ ਦਾ ਮਜਬੂਤ ਹੋਣਾ ਅਤਿ ਜਰੂਰੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ, ਧੂਰੀ ਤੋਂ ਹਲਕਾ ਇੰਨਚਾਰਜ ਦੇ ਪ੍ਰਮੁੱਖ ਦਾਅਵੇਦਾਰ, ਸਾਬਕਾ ਚੇਅਰਮੈਨ, ਸਾਬਕਾ ਪ੍ਰਧਾਨ ਟਰੱਕ ਯੂਨੀਅਨ ਸ,ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਹੀ ਪੰਜਾਬ ਦੀ ਇੱਕ ਇੱਕ ਖੇਤਰੀ ਪਾਰਟੀ ਹੈ ਜਿਸ ਦਾ ਆਪਣਾ ਮਾਨਾਮੱਤਾ ਇਤਿਹਾਸ ਹੈ ਪੰਜਾਬ ਦੇ ਮੁੱਦਿਆਂ ਤੇ ਅਵਾਜ ਉਠਾਉਂਦਿਆਂ ਸ੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨੇ ਸੈਂਕੜੇ ਕੁਰਬਾਨੀਆਂ ਦਿੱਤੀਆਂ ।ਸ੍ਰੋਮਣੀ ਅਕਾਲੀ ਦਲ ਦੇ ਲੀਡਰਾਂ ਨੂੰ ਆਪਣੇ ਅੰਦਰ ਚਾਤ ਮਾਰਨੀ ਚਾਹੀਦੀ ਹੈ ਕਿ ਕਿੱਥੇ ਕਿੱਥੇ ਉਨ੍ਹਾਂ ਤੋਂ ਬਜਰ ਗਲਤੀਆਂ ਹੋਈਆਂ। ਜਿਸ ਕਰਕੇ ਸ੍ਰੋਮਣੀ ਅਕਾਲੀ ਦਲ ਕਮਜੋਰ ਹੋਇਆ ਹੈ। ਉਨ੍ਹਾਂ ਕਿਹਾ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਰੱਜ ਕੇ ਵਿਕਾਸ ਹੋਇਆ ਜੋ ਲੋਕਾਂ ਦੇ ਅੱਜ ਵੀ ਚੇਤੇ ਵਿੱਚ ਹੈ। ਜੇਕਰ ਸ਼੍ਰੋਮਣੀ ਅਕਾਲੀ ਦਲ ਨੂੰ ਤਕੜਾ ਕਰਨ ਲਈ ਸੁਹਿਰਦ ਲੀਡਰ ਅੱਗੇ ਆਉਣ ਤਾਂ ਪੰਜਾਬ ਦੇ ਲੋਕ ਵੋਟਾਂ ਪਾਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾ ਦੇਣਗੇ। ਉਨ੍ਹਾਂ ਮੰਨਿਆਂ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਹੱਕੀ ਮੰਗਾਂ ਵੱਲ ਧਿਆਨ ਨਹੀਂ ਦੇ ਰਹੀ।

# ਨੈਸ਼ਨਲ ਨਿਉਟ੍ਰੀਸ਼ਨ ਵੀਕ" ਦੌਰਾਨ ਕਰਵਾਇਆ ਜਿਲਾ ਪੱਧਰੀ ਸਮਾਗਮ



**ਚੌਂਕ ਮਹਿਤਾ, 6 ਸਿਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਹਤ ਵਿਭਾਗ ਵਲੋਂ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠ ਸ਼ੈਟੇਲਾਈਟ ਹਸਪਤਾਲ ਰਣਜੀਤ ਐਵੀਨਿਓ ਵਿੱਖੇ ਕੌਮੀ ਖੁਰਾਕ ਹਫਤੇ ਦੌਰਾਨ ਜਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ ।ਇਸ ਮੌਕੇ ਤੇ ਸੰਬੋਧਨ ਕਰਦਿਆ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਨੇ ਕਿਹਾ ਕਿ ਮਾਂ ਬੱਚੇ ਦੀ ਸਿਹਤ ਸੰਭਾਲ ਲਈ ਚੰਗੀ ਖੁਰਾਕ ਦਾ ਹੋਣਾ ਬਹੁਤ ਜਰੂਰੀ ਹੈ।ਗਰਭ ਦੇ ਦੋਰਾਨ ਮਾਂ ਨੂੰ ਸਤੁਲਿਤ ਭੋਜਨ, ਮੌਸਮੀ ਫਲ, ਹਰੇ ਪਤੇ ਵਲੀ ਸਬਜੀਆਂ ਅਤੇ ਹਾਈ ਪ੍ਰੋਟੀਨ ਡਾਇਟ ਲੈਣੀ ਚਾਹਿਦੀ ਹੈ ।ਇਸ ਤੋਂ ਇਲਾਵਾ ਜਨਣੀ ਸ਼ਿਸ਼ੂ ਸੁਰਖਿਆ ਕਾਰਿਆਕ੍ਰਮ ਅਧੀਨ ਜਣੇਪੇ ਸਮੇ ਮੁਫਤ ਖੁਰਾਕ, ਵਿਟਾਮਿਨ ਏ, ਆਇਰਨ ਫੋਲੀਕ ਟੈਬਲੇਟ ਆਦੀ ਮੁਫਤ ਸਹੁਲਤਾ ਦਾ ਲਾਭ ਲੈਣ ਲਈ ਲੋਕਾ ਨੂੰ ਪ੍ਰੇਤਿ ਕੀਤਾ। ਇਸ ਮੌਕੇ ਤੇ ਜਿਲ੍ਹਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ ਨੇ ਕਿਹਾ ਕਿ ਚੰਗੀ ਖੁਰਾਕ ਅਤੇ ਸੰਤੁਲਿਤ ਅਹਾਰ ਰਾਹੀ ਬਹੁਤ ਸਾਰੀ ਬਿਮਾਰੀਆ ਤੋ ਮਾਂ ਤੇ ਬੱਚੇ ਨੂੰ ਸੁਰਖਿਅਤ ਕੀਤਾ ਜਾ ਸਕਦਾ ਹੈ। ਜਣੇਪੇ ਤੋ ਬਾਦ ਬੱਚੇ ਨੂੰ ਤੁੰਰਤ ਮਾਂ ਦਾ ਦੁੱਧ ਪਿਲਾਉਣਾ ਚਾਹੀਦਾ ਹੈ ।ਇਸ ਵਿੱਚ ਬੱਚੇ ਦੇ ਸਪੂੰਰਨ ਵਿਕਾਸ ਲਈ ਸਾਰੇ ਤੱਤ ਮੋਜੂਦ ਹੁੰਦੇ ਹਨ। ਜਿਲ੍ਹਾ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ ਨੇ ਜਾਣਕਾਰੀ ਦਿੰਦੇਆ ਕਿਹਾ ਕਿ ਸਾਨੂੰ ਉਮਰ ਦੇ ਹਿਸਾਬ ਨਾਲ ਖੁਰਾਕ ਲੈਣੀ ਚਾਹਿਦੀ ਹੈ ਅਤੇ ਸੈਰ ਵੀ ਕਰਨੀ ਚਾਹਿਦੀ ਹੈ। ਡਾ ਕੁਲਦੀਪ ਕੋਰ ਨੇ ਆਏ ਹੋਏ ਮਹਿਮਾਨਾ ਦਾ ਸਵਾਗਤ ਕੀਤਾ। ਇਸ ਸਮੇ ਜਿਲ੍ਹਾ ਬੀ.ਸੀ.ਜੀ. ਅਫਸਰ ਡਾ ਮਨਮੀਤ ਕੌਰ, ਡਾ ਸੌਰਵ ਜੌਲੀ, ਸੀਨੀਅਰ ਫਾਰਮੇਸੀ ਅਫਸਰ ਸੰਜੀਵ ਆਨੰਦ ਅਤੇ ਅਰਬਨ ਪ੍ਰਰਾਇਮਰੀ ਸਿਹਤ ਕੇਦਰ ਰਣਜੀਤ ਐਵੀਨਿਉ ਦਾ ਸਾਰਾ ਸਟਾਫ ਹਾਜਿਰ ਸੀ।

### ਲੇਬਰ ਪਾਰਟੀ ਬਲੈਕਨ ਹਾਲ ਵਾਰਡ ਮੈਂਬਰਾਂ ਵਲੋਂ

# ਸਲਾਨਾ ਜਨਰਲ ਮੀਟਿੰਗ ਬੁਲਾਈ ਗਈ

## ਮੀਟਿੰਗ ਦੇ ਮੁੱਖ ਏਜੰਡੇ ਮੁਤਾਬਿਕ ਨਵੇਂ ਅਹੁਦਿਆਂ ਦੀ ਚੋਣ ਕੀਤੀ ਸੀ









**ਵੂਲਵਰਹੈਂਪਟਨ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮਿਤੀ 5-9-2024 ਸ਼ਾਮ 7 ਵਜੇ ਵੂਲਵਰਹੈਂਪਟਨ ਦੇ ਬੌਬ ਜੋਨਸ ਕੁਮੰਨਿਟੀ ਸੈਂਟਰ ਵਿਖੇ ਲੇਬਰ ਪਾਰਟੀ ਬਲੈਕਨ ਹਾਲ ਵਾਰਡ ਮੈਂਬਰਾਂ ਵਲੋਂ ਸਲਾਨਾ ਜਨਰਲ ਮੀਟਿੰਗ AGM(Annual General Meeting) ਬੁਲਾਈ ਗਈ। ਮੀਟਿੰਗ ਦੇ ਮੁੱਖ ਏਜੰਡੇ ਮੁਤਾਬਿਕ ਨਵੇਂ ਅਹੁਦਿਆਂ ਦੀ ਚੋਣ ਕੀਤੀ ਸੀ, ਸੋ ਮੁੱਖ ਅਹੁਦਿਆਂ ਵਿੱਚ ਚੇਅਰ ਦੇ ਅਹੁਦੇ ਦੀ ਸੇਵਾ ਸੰਦਰਾ ਸਮੂਏਲਸ ਵਜੋਂ ਪਿੱਛਲੇ 15-20 ਸਾਲਾਂ ਤੋਂ ਨਿਭਾਈ ਜਾ ਰਹੀ ਸੀ, ਉਹਨਾਂ ਵੱਲੋ ਸੇਵਾ ਮੁਕਤ ਹੋਣ ਤੇ, ਚੇਅਰ ਦੀ ਪੋਜਿਸ਼ਨ ਖਾਲੀ ਹੋਈ ਅਤੇ ਬਾਕੀ ਸਾਰੀਆਂ ਪੋਜੀਸ਼ਨਾਂ ਬਦਲੀਆਂ ਗਈਆਂ, ਜਿਸ ਦੇ ਵਿੱਚ ਹਰਬੰਸ ਸਿੰਘ ਬਾਗੜੀ ਦੀ ਨਿਯੁਕਤੀ ਚੇਅਰ ਵਜੋਂ ਕੀਤੀ ਗਈ, ਇਸ ਦੇ ਨਾਲ ਹੀ ਜਨਕ ਰਾਜ ਵਇਸ ਚੇਅਰ ਤੇ ਦੂਜਾ ਵਾਈਸ ਚੇਅਰ ਸ਼ੈਲੀ ਗ੍ਰੀਨ,ਅਵਤਾਰ ਸਿੰਘ ਸਿੱਧੂ ਸੈਕਟਰੀ ,ਖਜਾਨਚੀ ਸ਼ੀਤਲ ਸਿੰਘ,ਕੁਲਵਿੰਦਰ ਕੌਰ ਰਿਜ਼ਰਵਡ ਖਜਾਨਚੀ, ਯੂਥ ਅਫਸਰ ਸ੍ਰ ਕਪਤਾਨ ਸਿੰਘ ਵੂਲਵਰਹੈਂਪਟਨ ਦੀ ਚੋਣ ਕੀਤੀ ਗਈ, ਨਾਲ ਹੀ CLP-ਕੌਂਟੀਟਿਊਸੀ ਲੇਬਰ ਪਾਰਟੀ ਲਈ ਗੁਰਦੀਪ ਸਿੰਘ ਔਲਖ ਦਾ ਨਾਮ ਚੇਅਰ ਦੇ ਲਈ,ਸੈੱਲੀ ਗ੍ਰੀਨ ਦਾ ਨਾਮ ਵਾਈਸ ਚੇਅਰ ਦੇ ਲਈ ਭੇਜਿਆ ਗਿਆ, ਇਸ ਮੀਟਿੰਗ ਦੌਰਾਨ ਹੀ ਇਹ ਮੱਤਾ ਪਾਸ ਕੀਤਾ ਗਿਆ ਕਿ ਅੱਜ ਤੋਂ ਜੋ ਵੀ ਮੀਟਿੰਗਾਂ ਹੋਣਗੀਆਂ ਉਹ ਪੰਜਾਬੀ ਭਾਸ਼ਾ ਵਿੱਚ ਵੀ ਕੀਤੀਆਂ ਜਾਣਗੀਆਂ ਤਾਂ ਜੋ ਹਰ ਇੱਕ ਮੇਂਬਰ ਸਮਝ ਸਕੇ, ਹੁਣ ਤੋਂ ਸੈਕਟਰੀ ਸਾਹਿਬ ਵੀ ਵਿਸ਼ੇਸ ਤੋਰ ਤੇ ਗੁਰਦੀਪ ਔਲਖ ਨਾਲ ਕੰਮ ਕਰ ਕੇ ਈ-ਮੇਲ ਦਾ ਵੀ ਪੰਜਾਬੀ ਵਿੱਚ ਅਨੁਵਾਦ ਕਰਿਆ ਕਰਨਗੇ ਤਾਂ ਜੋ ਭਾਸ਼ਾ ਕਿਸੇ ਵੀ ਵਿਅਕਤੀ ਦੀ ਸਮਝ ਦੇ ਵਿੱਚ ਰੁਕਾਵਟ ਨਾ ਬਣੇ। ਸ੍ਰ ਕਪਤਾਨ ਸਿੰਘ ਨੇ ਆਉਣ ਵਾਲੇ ਸਮੇ ਵਿੱਚ ਨੌਜਵਾਨ ਸਿੱਖ ਬੱਚਿਆ ਨੂੰ ਮੈਬਰ ਬਣਨ ਦੀ ਅਪੀਲ ਕੀਤੀ।

### ਫਿਲਮ ਅਰਦਾਸ ਸਰਬਤ ਦੇ ਭਲੇ ਦੀ ਵਿਚ ਗੁਰਬਾਣੀ ਤੁਕਾਂ ਨਾਲ ਛੇੜਛਾੜ, ਸ੍ਰੀ ਅਕਾਲ ਤਖਤ ਸਾਹਿਬ ਨੌਟਿਸ ਲਵੇ: ਪਰਮਜੀਤ ਸਿੰਘ ਵੀਰ ਜੀ

# 13 ਸੰਤਬਰ ਨੂੰ ਫਿਲਮ ਰਿਲੀਜ਼ ਹੋਣ ਤੋਂ ਪਹਿਲਾਂ ਸੁਧਾਰੀਆਂ ਜਾਣ ਗਲਤੀਆਂ




ਨਵੀਂ ਦਿੱਲੀ 6 ਸੰਤਬਰ : ਸਿੱਖ ਪੰਥ ਉਪਰ ਬਿਪ੍ਰਨ ਵਲੋਂ ਲਗਾਤਾਰ ਹਮਲੇ ਕੀਤੇ ਜਾ ਰਹੇ ਹਨ ਤੇ ਪੰਥ ਵੀ ਅਵੇਸਲਾ ਹੋ ਕੇ ਸਭ ਕੁਝ ਸਹਿਣ ਕਰਣ ਦੇ ਨਾਲ "ਜਬੈ ਬਾਣ ਲਾਗਯੋ, ਤਬੈ ਰੋਸ ਜਾਗਯੋ" ਉਪਰ ਵੀ ਪਹਿਰਾ ਦੇਂਦਿਆ ਵਿਰੋਧ ਕਰਣ ਵਿਚ ਵੀ ਢਿਲ ਨਹੀਂ ਕਰਦਾ ਹੈ ਜਿਸ ਦਾ ਪ੍ਰਤੱਖ ਪ੍ਰਮਾਣ ਕੰਗਣਾ ਰਣੌਤ ਦੀ ਫਿਲਮ ਐਮਰਜੈਂਸੀ ਜਿਸ ਵਿਚ ਸੰਤ ਭਿੰਡਰਾਂਵਾਲਿਆ ਦੇ ਜੀਵਨ ਦੀ ਕਿਰਦਾਰਕੁਸ਼ੀ ਕੀਤੀ ਗਈ ਹੈ, ਦੀ ਰਿਲੀਜ਼ ਨੂੰ ਅਣਮਿਥੇ ਸਮੇਂ ਲਈ ਰੁਕਵਾ ਦਿੱਤੀ ਹੈ । ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਧਰਮ ਪ੍ਰਚਾਰ ਦੇ ਸਾਬਕਾ ਮੁੱਖ ਸੇਵਾਦਾਰ, ਗੁਰਬਾਣੀ ਰਿਸਰਚ ਫਾਉਂਡੇਸ਼ਨ ਅਤੇ ਗੁਰੂ ਹਰਿਕ੍ਰਿਸ਼ਨ ਸਾਹਿਬ ਸੇਵਾ ਸੋਸਾਇਟੀ ਦੇ ਚੇਅਰਮੈਨ ਪੰਥਕ ਆਗੂ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਹੁਣ ਗਿਪੀ ਗਰੇਵਾਲ, ਗੁਰਪ੍ਰੀਤ ਗੁਗੀ ਦੀ 13 ਸੰਤਬਰ ਨੂੰ ਰਿਲੀਜ਼ ਹੋਣ ਵਾਲੀ ਫਿਲਮ ਅਰਦਾਸ ਸਰਬਤ ਦੇ ਭਲੇ ਦੀ ਵਿਚ ਗੁਰਬਾਣੀ ਦੀ ਤੁਕਾਂ ਨਾਲ ਛੇੜਛਾੜ ਕੀਤੀ ਗਈ ਹੈ। ਫਿਲਮ ਦੇ ਜਾਰੀ ਹੋਏ ਟਰੇਲਰ ਵਿਚ ਦੇਖਣ ਨੂੰ ਮਿਲ ਰਿਹਾ ਹੈ ਕਿ "ਫਰੀਦਾ ਜੇ ਤੂ ਅਕਲਿ ਲਤੀਫੁ ਕਾਲੇ ਲਿਖੁ ਨ ਲੇਖ ॥" ਦੀ ਥਾਂ ਤੇ *ਮਨ ਜੇ ਤੂ ਅਕਲਿ ਲਤੀਫੁ ਕਾਲੇ ਲਿਖੁ ਨ ਲੇਖ ॥* ਅਤੇ *ਕੇਤਿਆ ਦੂਖ ਭੂਖ ਸਦ ਮਾਰ ॥ ਏਹਿ ਭਿ ਦਾਤਿ ਤੇਰੀ ਦਾਤਾਰ ॥* ਨੂੰ ਵੀ ਗਲਤ ਉਚਾਰਣ ਰਾਹੀਂ ਪੜਿਆ ਜਾ ਰਿਹਾ ਹੈ। ਟਰੇਲਰ ਨੂੰ ਦੇਖਦਿਆਂ ਇਹ ਲਗ ਰਿਹਾ ਹੈ ਫਿਲਮ ਅੰਦਰ ਗੁਰਬਾਣੀ ਦੀਆਂ ਤੁਕਾਂ ਨਾਲ ਵਡੀ ਗਿਣਤੀ ਵਿਚ ਛੇੜਛਾੜ ਹੋਵੇਗੀ । ਇਸ ਦਾ ਸ੍ਰੀ ਅਕਾਲ ਤਖਤ ਸਾਹਿਬ ਨੂੰ ਤੁਰੰਤ ਨੌਟਿਸ ਲੈਂਦਿਆਂ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ। ਜਿਕਰਯੋਗ ਹੈ ਕਿ ਗੁਰੂ ਹਰਿ ਰਾਏ ਸਾਹਿਬ ਜੀ ਨੇ ਆਪਣੇ ਵੱਡੇ ਪੁੱਤਰ ਰਾਮ ਰਾਏ ਜੀ ਨੂੰ ਔਰੰਗਜ਼ੇਬ ਨੂੰ ਖੁਸ਼ ਕਰਣ ਲਈ ਗੁਰਬਾਣੀ ਦੀ ਤੁਕ ਨੂੰ ਬਦਲਣ ਉਪਰ ਰਾਮ ਰਾਏ ਨੂੰ ਕਿਹਾ ਸੀ ਕਿ ਉਸ ਦਾ ਜਿਸ ਪਾਸੇ ਮੂੰਹ ਹੈ, ਉਹ ਉਸੇ ਪਾਸੇ ਚਲਾ ਜਾਵੇ ਤੇ ਸਾਡੇ ਮੱਥੇ ਨਾ ਲੱਗੇ। ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਸ ਫਿਲਮ ਉਪਰ ਕਾਰਵਾਈ ਕਰਦਿਆਂ ਫਿਲਮ ਨੂੰ ਰਿਲੀਜ਼ ਹੋਣ ਤੋਂ ਪਹਿਲਾਂ ਇਸ ਲਈ ਇਕ ਪੈਨਲ ਬਣਾ ਕੇ ਇਸ ਦੀਆਂ ਗਲਤੀਆਂ ਸੁਧਾਰੀਆਂ ਜਾਣ, ਤੇ ਜਦੋ ਤਕ ਗਲਤੀਆਂ ਨਹੀਂ ਸੁਧਰਦੀਆਂ ਫਿਲਮ ਦੀ ਰਿਲੀਜ਼ ਨੂੰ ਰੁਕਵਾਇਆ ਜਾਏ।

# ਐਨ ਓ ਸੀ ਦੀ ਸ਼ਰਤ ਖ਼ਤਮ ਹੋਣ ਨਾਲ ਲੋਕਾਂ ਦੇ ਬਚਣਗੇ ਕਰੋੜਾਂ ਰੁਪਏ - ਛਾਪਾ



ਜੰਡਿਆਲਾ ਗੁਰੁ 6 ਸਤੰਬਰ (ਕੁਲਵੰਤ ਸਿੰਘ ਵਿਰਦੀ): ਵਿਧਾਨ ਸਭਾ ਸੈਸ਼ਨ ਦੌਰਾਨ ਮਾਨ ਸਰਕਾਰ ਵੱਲੋਂ ਜ਼ਮੀਨ ਦੀ ਖਰੀਦ ਵੇਚ ਸਮੇਂ ਲਾਈ ਜਾਂਦੀ ਐਨ ਓ ਸੀ ਫੀਸ ਮੁਆਫ਼ ਕਰ ਕੇ ਪੰਜਾਬ ਦੇ ਲੋਕਾਂ ਨੂੰ ਇਕ ਵੱਡਾ ਤੋਹਫਾ ਦਿੱਤਾ ਹੈ ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ ਅਨਮੋਲ ਸਿੰਘ ਛਾਪਾ ਨੇ ਇੱਕ ਪ੍ਰੈਸ ਮਿਲਣੀ ਦੌਰਾਨ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਲੋਕਾਂ ਤੇ ਲਗਾਏ ਗਏ ਕਈ ਤਰ੍ਹਾਂ ਦੇ ਟੈਕਸਾਂ ਤੋਂ ਰਾਹਤ ਦੇਂਦੇ ਹੋਏ ਮਾਨ ਸਰਕਾਰ ਨੇ ਇੱਕ ਵੱਡਾ ਕਦਮ ਪੁੱਟਿਆ ਹੈ । ਜਿਥੇ ਲੋਕਾਂ ਦੇ ਕਰੋੜਾਂ ਰੁਪਏ ਬਚਣਗੇ ਉਥੇ ਦਫ਼ਤਰੀ ਖੱਜਲ ਖ਼ੁਆਰੀ ਤੋਂ ਵੀ ਨਿਜਾਤ ਮਿਲੇਗੀ। ਆਪਣੇ ਤੀਸਰੇ ਸਾਲ ਦੇ ਕਾਰਜਕਾਲ ਤੱਕ ਮਾਨ ਸਰਕਾਰ ਲੋਕ ਭਲਾਈ ਦੇ ਕਈ ਕੰਮ ਕਰ ਚੁੱਕੀ ਹੈ ਫ੍ਰੀ ਬਿਜਲੀ , ਮਹੱਲਾ ਕਲੀਨਿਕ , ਵਪਾਰੀ ਵਰਗ ਲਈ ਗ੍ਰੀਨ ਅਸ਼ਟਾਮ , ਮੋਗਿਆਂ ਦੀਆਂ ਟੇਲਾਂ ਤੱਕ ਪਾਣੀ ਪਹੁੰਚਾਉਣਾ ਆਦਿ ਮਹੱਤਵਪੂਰਨ ਗਿਣਨ ਗੋਚਰੇ ਕੰਮ ਹਨ ਜ਼ੋ ਸਰਕਾਰ ਨੇ ਲੋਕ ਭਲਾਈ ਲਈ ਕੀਤੇ ਹਨ ।ਆਉਣ ਵਾਲੇ ਸਮੇਂ ਵਿੱਚ ਵੀ ਸਰਕਾਰ ਪੰਜਾਬ ਦੇ ਲੋਕਾਂ ਲਈ ਮਹੱਤਵਪੂਰਨ ਫਾਇਦੇਮੰਦ ਫੈਸਲੇ ਲੈਂਦੀ ਰਹੇ ਗੀ । ਫੈਸਲੇ ਦਾ ਸਵਾਗਤ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਨੇ ਮਾਨ ਸਰਕਾਰ ਦਾ ਧੰਨਵਾਦ ਕੀਤਾ।



# ਜਨਮ ਦਿਨ ਮੁਬਾਰਕ



ਨਵਜੋਤ ਕੌਰ

ਆਵਾਜ਼ਿ ਕੌਮ AWAZE QAUM
International Newspaper & WEB TV

## ਗੁਰੂ ਕਾਸ਼ੀ ਯੂਨੀਵਰਸਿਟੀ ਨੇ

# ਏਸ਼ੀਅਨ ਚੈਂਪੀਅਨ ਤੀਰ ਅੰਦਾਜ਼ ਦੀਪਸ਼ਿਖਾ ਦਾ ਕੀਤਾ ਸ਼ਾਨਦਾਰ ਸਵਾਗਤ






**ਤਲਵੰਡੀ ਸਾਬੋ, 6 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਚਾਇਨਾ-ਤਾਈਪੇ, ਚੀਨ ਵਿਖੇ ਸੰਪੰਨ ਹੋਈ ਦੂਜੀ ਏਸ਼ੀਅਨ ਯੂਨੀਵਰਸਿਟੀ ਤੀਰਅੰਦਾਜ਼ੀ ਚੈਂਪੀਅਨਸ਼ਿਪ-2024 ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਖਿਡਾਰਨ ਦੀਪਸ਼ਿਖਾ ਸੋਨ ਤਗਮਾ ਜੇਤੂ ਦੇ 'ਵਰਸਿਟੀ ਪੁੱਜਣ ਤੇ ਯੂਨੀਵਰਸਿਟੀ ਪ੍ਰਬੰਧਕਾਂ, ਇਲਾਕਾ ਨਿਵਾਸੀਆਂ ਵੱਲੋਂ ਸ਼ਾਨਦਾਰ ਢੋਲ ਨਗਾੜਿਆਂ ਨਾਲ ਨਿੱਘਾ ਸਵਾਗਤ ਕੀਤਾ ਗਿਆ। ਚੈਂਪੀਅਨਸ਼ਿਪ ਜਿੱਤਣ ਤੋਂ ਬਾਅਦ ਤਲਵੰਡੀ ਸਾਬੋ ਵਿਖੇ ਖਿਡਾਰਣ ਦੇ ਪਹੁੰਚਣ ਤੇ ਖਿਡਾਰਣ ਨੇ ਵਰਸਿਟੀ ਅਧਿਕਾਰੀਆਂ ਦੇ ਨਾਲ ਵਾਹਿਗੁਰੂ ਤੋਂ ਅਸ਼ੀਰਵਾਦ ਲੈਣ ਲਈ ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਿਆ, ਉਸ ਉਪਰਾਂਤ ਖਿਡਾਰਣ ਨੂੰ ਖੁੱਲ੍ਹੀ ਜੀਪ ਵਿੱਚ ਢੋਲ ਵਾਜਿਆਂ ਦੇ ਨਾਲ 'ਵਰਸਿਟੀ ਵਿਖੇ ਲਿਜਾਇਆ ਗਿਆ। ਰਸਤੇ ਵਿੱਚ ਇਲਾਕਾ ਨਿਵਾਸੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਉਸਦੀ ਹੌਂਸਲਾ ਅਫ਼ਜਾਈ ਕੀਤੀ ਗਈ। ਵਰਸਿਟੀ ਪ੍ਰਬੰਧਕਾਂ ਵੱਲੋਂ ਖਿਡਾਰਣ ਦੇ ਸਵਾਗਤ ਲਈ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਖਿਡਾਰਣ ਨੂੰ ਫੁਲਕਾਰੀ ਅਤੇ ਯਾਦ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਸੜਕ ਕਿਨਾਰੇ ਅਤੇ ਛੱਤਾਂ ਤੇ ਖੜ੍ਹੇ ਹੋ ਕੇ ਵਰਸਿਟੀ ਅਧਿਕਾਰੀਆਂ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਜ਼ੋਰਦਾਰ ਤਾੜੀਆਂ ਅਤੇ ਫੁੱਲਾਂ ਦੀ ਵਰਖਾ ਨਾਲ ਖਿਡਾਰਨ ਨੂੰ ਜੀ ਆਇਆ ਕਿਹਾ। ਇਸ ਮੌਕੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਖਿਡਾਰਣ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ 'ਵਰਸਿਟੀ ਓਲੰਪਿਕ ਖੇਡਾਂ ਦੀ ਤਿਆਰੀ ਲਈ ਜੇਤੂ ਖਿਡਾਰਣ ਅਤੇ ਵਰਸਿਟੀ ਦੇ ਖਿਡਾਰੀਆਂ ਨੂੰ ਉੱਤਮ ਦਰਜੇ ਦੀ ਕੋਚਿੰਗ, ਇੰਸਟੂਮੈਂਟ ਅਤੇ ਖੇਡ ਸਹੂਲਤਾਂ ਪ੍ਰਦਾਨ ਕਰ ਰਹੀ ਹੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵਿੱਚ ਉਤਸਾਹਿਤ ਕਰਨ ਲਈ 'ਵਰਸਿਟੀ ਵੱਲੋਂ ਖਿਡਾਰੀਆਂ ਨੂੰ ਫੀਸ ਮੁਆਫੀ, ਵਜੀਫ਼ੇ, ਮੁਫਤ ਕੋਚਿੰਗ ਅਤੇ ਉੱਚ ਪੱਧਰ ਦੀਆਂ ਖੇਡ ਸਹੂਲਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਪ੍ਰੋ. (ਡਾ.) ਐਸ.ਕੇ.ਬਾਵਾ ਉਪ ਕੁਲਪਤੀ ਨੇ ਦੱਸਿਆ ਕਿ ਦੀਪਸ਼ਿਖਾ ਵਰਸਿਟੀ ਦੀ ਬੀ.ਏ.ਭਾਗ ਪਹਿਲਾ ਦੀ ਵਿਦਿਆਰਥਣ ਹੈ ਜਿਸ ਨੇ ਚੈਂਪੀਅਨਸ਼ਿਪ ਦੇ ਫਾਈਨਲ ਮੁਕਾਬਲੇ ਵਿੱਚ ਮੇਜ਼ਬਾਨ ਚਾਈਨਾ ਤਾਈਪੇ ਦੀ ਖਿਡਾਰਨ ਨੂੰ ਸ਼ਿਕਸਤ ਦੇ ਕੇ ਸੋਨ ਤਗਮਾ ਜਿੱਤਿਆ ਹੈ। ਉਨ੍ਹਾਂ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ 33 ਦੇਸ਼ਾਂ ਦੇ ਲਗਭਗ 120 ਖਿਡਾਰੀਆਂ ਨੇ ਹਿੱਸਾ ਲਿਆ ਸੀ। ਉਨ੍ਹਾਂ ਇਸ ਪ੍ਰਾਪਤੀ ਤੇ ਵਰਸਿਟੀ ਪ੍ਰਬੰਧਕਾਂ ਸ. ਸਰਦੂਲ ਸਿੰਘ ਸਿੱਧੂ ਡਾਇਰੈਕਟਰ ਵਿਦਿਆਰਥੀ ਭਲਾਈ, ਕੋਚ ਵਿਪਨ ਕੰਬੋਜ਼ ਅਤੇ ਸਟਾਫ ਨੂੰ ਵਧਾਈ ਦਿੱਤੀ। ਇਸ ਮੌਕੇ ਆਪਣੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਡਾ. ਰਾਜ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ ਨੇ ਦੱਸਿਆ ਕਿ ਖਿਡਾਰੀਆਂ ਦੇ ਖੇਡ ਕੌਸ਼ਲ ਨੂੰ ਨਿਖਾਰਨ ਵਰਸਿਟੀ ਦੇ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਵੱਲੋਂ ਡਾ. ਬਲਵਿੰਦਰ ਕੁਮਾਰ ਸ਼ਰਮਾ ਡੀਨ ਦੀ ਰਹਿ-ਨੁਮਾਈ ਹੇਠ ਤੀਰਅੰਦਾਜ਼ੀ, ਅਥਲੈਟਿਕਸ, ਕਰਾਟੇ ਦੀਆਂ ਅਕਾਦਮੀਆਂ ਸ਼ੁਰੂ ਕੀਤੀਆਂ ਜਾ ਚੁੱਕੀਆਂ ਹਨ। ਜਿਨ੍ਹਾਂ ਵਿੱਚ ਸਖਤ ਮਿਹਨਤ ਕਰ ਰਹੇ ਖਿਡਾਰੀ ਆਉਣ ਵਾਲੇ ਸਮੇਂ ਵਿੱਚ ਭਾਰਤ ਲਈ ਅੰਤਰ ਰਾਸ਼ਟਰੀ ਪੱਧਰ 'ਤੇ ਖੇਡ ਤਗਮੇ ਜਿੱਤਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਦੇ ਡਾਇਰੈਕਟਰ ਭਾਸ਼ਾ ਵਿਭਾਗ ਵੱਲੋਂ ਦਿੱਲੀ ਦੇ ਪੰਜਾਬ ਭਵਨ ਸਥਿਤ ਸਾਹਿਤ ਕੇਂਦਰ ਦਾ ਦੌਰਾ

# ਭਾਸ਼ਾ ਵਿਭਾਗ ਵੱਲੋਂ ਪੰਜਾਬੀ ਦੇ ਪ੍ਰਚਾਰ-ਪ੍ਰਸਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਲਿਆ ਜਾਇਜ਼ਾ



ਨਵੀਂ ਦਿੱਲੀ, 6 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਸ਼੍ਰੀ ਜਸਵੰਤ ਸਿੰਘ ਜ਼ਫ਼ਰ ਵੱਲੋਂ ਪੰਜਾਬ ਭਵਨ, ਨਵੀਂ ਦਿੱਲੀ ਵਿਖੇ ਸਥਿਤ ਸਾਹਿਤ ਕੇਂਦਰ ਦਾ ਅੱਜ ਦੌਰਾ ਕੀਤਾ ਗਿਆ। ਇਸ ਮੌਕੇ ਦਫ਼ਤਰ ਦੇ ਨਿਰੀਖਣ ਤੋਂ ਇਲਾਵਾ ਉਹਨਾਂ ਵੱਲੋਂ ਪੰਜਾਬ ਭਵਨ ਦੇ ਬੀ ਬਲਾਕ ਵਿਚ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਦੇ ਪ੍ਰਚਾਰ-ਪ੍ਰਸਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲਿਆ ਗਿਆ । ਉਹਨਾਂ ਵਿਭਾਗ ਦੇ ਸਥਾਨਕ ਦਫਤਰ ਦੀ ਇੰਚਾਰਜ ਸ੍ਰੀਮਤੀ ਕਰੁਣਾ ਵੱਲੋਂ ਕੀਤੇ ਜਾਂਦੇ ਯਤਨਾਂ ਦੀ ਸ਼ਲਾਘਾ ਕੀਤੀ । ਇਸ ਤੋਂ ਇਲਾਵਾ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਨੇ ਪ੍ਰਿੰਸੀਪਲ ਰੈਜ਼ੀਡੈਂਟ ਕਮਿਸ਼ਨਰ, ਸ਼੍ਰੀਮਤੀ ਸ਼ਰੂਤੀ ਸਿੰਘ (ਆਈ.ਏ.ਐੱਸ.) ਅਤੇ ਡਿਪਟੀ ਰੈਜ਼ੀਡੈਂਟ ਕਮਿਸ਼ਨਰ, ਸ਼੍ਰੀਮਤੀ ਅਸਿਤਾ ਸ਼ਰਮਾ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਵਿਚ ਸਮੁੱਚੇ ਪੰਜਾਬ ਭਵਨ ਵਿਚ ਪੰਜਾਬੀ ਸਾਹਿਤ, ਸੱਭਿਆਚਾਰ ਦੇ ਮਾਧਿਅਮ ਨਾਲ ਦਿੱਖ ਵਧਾਉਣ ਬਾਰੇ ਵੱਖ-ਵੱਖ ਸੰਭਾਵਨਾਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਦੌਰਾਨ ਪੰਜਾਬ ਭਵਨ ਦੀ ਡਿਓਢੀ, ਵਰਾਂਡੇ ਅਤੇ ਕਮਰਿਆਂ ਵਿਚ ਪੰਜਾਬ ਦੇ ਮਹਾਨ ਸਾਹਿਤਕਾਰਾਂ ਦੇ ਪੋਸਟਰ ਅਤੇ ਰਚਨਾਵਾਂ ਲਗਾਉਣ ਬਾਰੇ ਵੀ ਵਿਚਾਰ ਕੀਤਾ ਗਿਆ। ਇਸ ਮੌਕੇ ਤੇ ਭਾਸ਼ਾ ਵਿਭਾਗ ਦੇ ਸਹਾਇਕ ਡਾਇਰੈਕਟਰ ਸ਼੍ਰੀ ਆਲੋਕ ਚਾਵਲਾ ਦੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਧਿਆਪਕ ਦਿਵਸ ਧੂਮਧਾਮ ਨਾਲ ਮਨਾਇਆ ਗਿਆ ਅਧਿਆਪਕ ਸਕੂਲ ਦੀ ਰੀੜ੍ਹ ਦੀ ਹੱਡੀ ਹੁੰਦੇ : ਪ੍ਰਿੰਸੀਪਲ ਅਮਨਦੀਪ ਕੌਰ



ਜੰਡਿਆਲਾ ਗੁਰੂ 6 ਸਤੰਬਰ ( ਕੁਲਵੰਤ ਸਿੰਘ ਵਿਰਦੀ) ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵੱਲੋਂ ਅਧਿਆਪਕ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਵੇਰ ਤੋਂ ਹੀ ਪੂਰੇ ਸਕੂਲ ਵਿੱਚ ਖ਼ੁਸ਼ੀ ਦਾ ਮਾਹੌਲ ਸੀ। ਦਿਨ ਦੀ ਸ਼ੁਰੂਆਤ ਵਿਸ਼ੇਸ਼ ਅਸੈਂਬਲੀ ਨਾਲ ਕੀਤੀ ਗਈ ਜਿਸ ਵਿੱਚ ਬੜੀ ਸ਼ਰਧਾ ਭਾਵਨਾ ਨਾਲ ਸ਼ਬਦ ਗਾਇਨ ਕੀਤਾ ਗਿਆ। ਸਤਿਕਾਰਯੋਗ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਇਸ ਦਿਵਸ ਦੀ ਮਹੱਤਤਾ ਬਾਰੇ ਸੰਖੇਪ ਵਿੱਚ ਦੱਸਿਆ, ਉਹਨਾਂ ਨੇ ਵਿਦਿਆਰਥੀਆਂ ਨੂੰ ਡਾ.ਰਾਧਾਕ੍ਰਿਸ਼ਨ ਜੀ ਦੇ ਜੀਵਨ ਬਾਰੇ ਦੱਸਿਆ ।ਵਿਦਿਆਰਥੀਆਂ ਨੇ ਵੱਖ-ਵੱਖ ਰੂਪਾਂ ਵਿੱਚ ਕੇਕ ਕੱਟ ਕੇ, ਆਪਣੇ ਅਧਿਆਪਕਾਂ ਨੂੰ ਹੱਥਾਂ ਨਾਲ ਬਣੇ ਕਾਰਡ ਦੇ ਕੇ ਧੰਨਵਾਦ ਪ੍ਰਗਟ ਕੀਤਾ। ਪਿਆਰ ਕਰਨ ਵਾਲੇ ਵਿਦਿਆਰਥੀਆਂ ਤੋਂ ਪਿਆਰ ਅਤੇ ਸਨੇਹ ਪ੍ਰਾਪਤ ਕਰਕੇ ਸਾਰੇ ਅਧਿਆਪਕਾਂ ਨੂੰ ਸੱਚਮੁੱਚ ਬਹੁਤ ਖ਼ੁਸ਼ੀ ਹੋਈ। ਸਕੂਲ ਪ੍ਰਬੰਧਕਾਂ ਵੱਲੋਂ ਹਵੇਲੀ ਵਿਖੇ ਦੁਪਹਿਰ ਦੇ ਖਾਣੇ ਦਾ ਆਯੋਜਨ ਕੀਤਾ ਗਿਆ। ਇਹ ਬਹੁਤ ਮਜ਼ੇਦਾਰ ਸੀ ਕਿਉਂਕਿ ਅਧਿਆਪਕਾਂ ਦੁਆਰਾ ਗਾਏ ਗੀਤਾਂ ਨੇ ਮਾਹੌਲ ਨੂੰ ਖੁਸ਼ਨੁਮਾ ਬਣਾ ਦਿੱਤਾ ।ਅਤੇ ਸੱਚਮੁੱਚ ਦਿਨ ਦਾ ਸੁਆਦ ਲਿਆ ਦਿੱਤਾ। ਇਸਨੇ ਸੱਚਮੁੱਚ ਸਾਰੇ ਅਧਿਆਪਕਾਂ ਨੂੰ ਉਹਨਾਂ ਦੇ ਰੁਝੇਵਿਆਂ ਭਰੇ ਅਧਿਆਪਨ ਜੀਵਨ ਵਿੱਚੋਂ ਇੱਕ ਆਊਟਿੰਗ ਪ੍ਰਦਾਨ ਕੀਤੀ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਸਮੂਹ ਅਧਿਆਪਕਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਕੰਮ ਕਰਨ ਲਈ ਵਧਾਈ ਦਿੱਤੀ। SSEC ਸਕੂਲਾਂ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਅਮਨਦੀਪ ਕੌਰ ਜੀ ਨੇ ਕਿਹਾ ਕੇ ਅਧਿਆਪਕ ਸਕੂਲ ਦੀ ਰੀੜ ਦੀ ਹੱਡੀ ਹਨ ।ਓਹਨਾ ਨੇ ਅਧਿਆਪਕਾ ਦੀ ਖ਼ੂਬ ਸ਼ਲਾਘਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਹਰਿਆਣਾ ਦੇ ਲੋਕ ਆਮ ਆਦਮੀ ਪਾਰਟੀ ਨੂੰ ਬਦਲ ਵਜੋਂ ਦੇਖ ਰਹੇ ਹਨ : ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਇਸ ਵਾਰ ਹਰਿਆਣਾ ਦੇ ਲੋਕ ਆਮ ਆਦਮੀ ਪਾਰਟੀ ਨੂੰ ਬਦਲਾਅ ਵਜੋਂ ਦੇਖ ਰਹੇ ਹਨ, ਜਿਸ ਦੇ ਚੱਲਦਿਆਂ ਇਸ ਵਾਰ ਹਰਿਆਣਾ ਵਿੱਚ ਵੀ ਆਮ ਆਦਮੀ ਪਾਰਟੀ ਦਾ ਝਾੜੂ ਚੱਲੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਇੰਨਚਾਰਜ ਨਾਲਵਾ ਵਿਧਾਨ ਸਭਾ ਹਲਕਾ ਹਰਿਆਣਾ ਨੇ ਕੀਤਾ। ਉਨਾ ਕਿਹਾ ਕਿ ਸਮੁੱਚੇ ਹਰਿਆਣਾ ਪ੍ਰਦੇਸ਼ ਵਿੱਚ ਇਸ ਵਾਰ ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਹਿਨੁਮਾਈ ਹੇਠ ਆਮ ਆਦਮੀ ਪਾਰਟੀ ਦੀ ਹਵਾ ਚੱਲ ਰਹੀ ਹੈ। ਆਗੂਆਂ ਨੇ ਕਿਹਾ ਕਿ ਹਰਿਆਣਾ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਵਿਚਾਰ ਸੁਣਨ ਲਈ ਲੋਕ ਵੱਡੀ ਗਿਣਤੀ ਵਿੱਚ ਮੀਟਿੰਗਾਂ ਅਤੇ ਰੈਲੀਆਂ ਵਿੱਚ ਪਹੁੰਚ ਰਹੇ ਹਨ। ਪੰਜਾਬ ਵਿੱਚ ਜਿਸ ਤਰੀਕੇ ਨਾਲ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਸਿਹਤ ਸਹੂਲਤਾਂ, ਸਕੂਲ ਆਫ ਐਮੀਨੈਂਸ ਅਤੇ 300 ਯੂਨਿਟ ਪ੍ਰਤੀ ਮਹੀਨਾ ਫਰੀ ਬਿਜਲੀ ਦਿੱਤੀ ਜਾ ਰਹੀ ਹੈ ਉਸ ਦਾ ਅਸਰ ਹਰਿਆਣਾ ਦੇ ਲੋਕਾਂ ਉੱਪਰ ਵੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਫੌਜੀ ਸੀਤਾ ਰਾਮ ਹਿੰਦਵਾਨ,ਬਲਾਕ ਪ੍ਰਧਾਨ ਊਧਮ ਸਿੰਘ ਬੂਰਾ, ਆਪ ਆਗੂ ਜਗਦੀਪ ਸਿੰਘ ਯੋਧਾ ਸਾਹੀਵਾਲ, ਆਪ ਆਗੂ ਬਿੱਲਾ ਸਾਹੀਵਾਲ, ਆਪ ਆਗੂ ਨਿਰਮਲ ਸਿੰਘ, ਨੰਬਰਦਾਰ ਨਿਰਮਲਜੀਤ ਸਿੰਘ ਰਾਜੋਮਾਜਰਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੈਟਰੋਲ ,ਡੀਜ਼ਲ ਕੀਮਤਾਂ 'ਤੇ ਵੈਟ ਵਧਾ ਕੇ, 'ਆਪ' ਸਰਕਾਰ ਨੇ ਪੰਜਾਬੀਆਂ ਦੀ ਲੁੱਟ ਕੀਤੀ : ਤਾਰਾ ਬੇਨੜਾ

**ਧੂਰੀ, ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੈਟਰੋਲ ਪਦਾਰਥਾਂ ਦੀਆਂ ਕੀਮਤਾਂ 'ਚ ਬੇਲੜੇ ਵਾਧੇ ਰਾਹੀਂ ਪੰਜਾਬ ਦੇ ਲੋਕਾਂ 'ਤੇ ਬੋਝ ਪਾਉਣ ਦੀ ਸਖਤ ਸਬਦਾ ਵਿੱਚ ਨਿਖੇਧੀ ਕਰਦਿਆਂ ਕਾਗਰਸ ਪਾਰਟੀ ਦੇ ਸੀਨੀਅਰ ਆਗੂ, ਧੂਰੀ ਤੋਂ ਹਲਕਾ ਇੰਨਚਾਰਜ ਦੇ ਪ੍ਰਮੁੱਖ ਦਾਅਵੇਦਾਰ, ਜਗਤਾਰ ਸਿੰਘ ਤਾਰਾ ਬੇਨੜਾ ਨੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਿੱਚ ਪੰਜਾਬ ਮੰਤਰੀ ਮੰਡਲ ਨੇ ਪੈਟਰੋਲ ਅਤੇ ਡੀਜ਼ਲ 'ਤੇ ਵੈਲਯੂ-ਐਡਿਡ ਟੈਕਸ (ਵੈਟ ਵਿੱਚ ਵੱਡਾ ਵੱਧਾ ਲਾਗੂ ਕਰਦਿਆਂ ਕੀਮਤਾਂ ਵਿੱਚ 61 ਪੈਸੇ ਅਤੇ 92 ਪੈਸੇ ਪ੍ਰਤੀ ਲੀਟਰ ਦਾ ਨਜਾਇਜ਼ ਵਾਧਾ ਕੀਤਾ ਹੈ । ਉਨ੍ਹਾਂ ਕਿਹਾ ਕਿ ਮਿਹਨਤੀ ਪੰਜਾਬੀਆਂ ਦੀ ਖ਼ੂਨ ਪਸੀਨੇ ਦੀ ਕਮਾਈ ਜਰੀਏ ਸਰਕਾਰੀ ਖਜ਼ਾਨੇ ਨੂੰ ਭਰਨ ਦੀ ਲਈ ਸੱਤਾਧਾਰੀ ਪਾਰਟੀ ਦੇ ਘਟੀਆ ਪ੍ਰਸ਼ਾਸਨਿਕ ਸਵੈ-ਸੇਵਾ ਦੇ ਏਜੰਡ ਨੂੰ ਸਾਫ ਦਰਸਾਉਂਦੀ ਹੈ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵੈਟ ਵਾਧੇ ਨੂੰ ਜਾਇਜ਼ ਠਹਿਰਾਉਣਾ ਸਿਰਫ ਸੂਬੇ ਲਈ ਵਾਧੂ ਮਾਲੀਆ ਪੈਦਾ ਕਰਨ ਦਾ ਦਾਅਵਾ ਕੀਤਾ ਗਿਆ ਹੈ ਜੋ ਕਿ 'ਆਪ ਸਰਕਾਰ ਦੇ ਮਾੜੇ ਇਰਾਦਿਆਂ ਅਤੇ ਗੈਰ-ਤਜਰਬੇ ਨੂੰ ਉਜਾਗਰ ਕਰਦੀ ਹੈ ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

ਨਨਕਾਣਾ ਸਾਹਿਬ ਪਾਕਿਸਤਾਨ ਵਿਖੇ 14 ਨਵੰਬਰ ਨੂੰ ਜਾਏਗਾ ਜੱਥਾ ਤੇ 23 ਨਵੰਬਰ ਨੂੰ ਹੋਵੇਗੀ ਭਾਰਤ ਨਨਕਾਣਾ ਸਾਹਿਬ ਗੁਰੁਪੁਰਬ ਮਨਾਉਣ ਲਈ

# 14 ਨਵੰਬਰ ਨੂੰ ਜਥਾ ਹੋਵੇਗਾ ਪਾਕਿ ਲਈ ਰਵਾਨਾ : ਜਗਜੀਤ ਸਿੰਘ ਭੁੱਲਰ



**ਫ਼ਿਰੋਜ਼ਪੁਰ, 6 ਸਤੰਬਰ (ਮਨੋਹਰ ਲਾਲ):—** ਰਬਾਬੀ ਭਾਈ ਮਰਦਾਨਾ ਯਾਤਰਾ ਕਮੇਟੀ ਦੇ ਆਗੂ ਜਗਜੀਤ ਸਿੰਘ ਭੁੱਲਰ, ਨਿਰਮਲ ਸਿੰਘ, ਪਰਮਜੀਤ ਸਿੰਘ ਅਤੇ ਰਣਬੀਰ ਸਿੰਘ ਰਾਣਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਨਨਕਾਣਾ ਸਾਹਿਬ ਗੁਰੂਪੁਰਬ ਮਨਾਉਣ ਲਈ ਜਥਾ 14 ਨਵੰਬਰ ਨੂੰ ਵਾਇਆ ਵਾਹਗਾ ਬਾਰਡਰ ਜਾਵੇਗਾ। ਉਨ੍ਹਾਂ ਦੱਸਿਆ ਕਿ 15 ਨਵੰਬਰ ਨੂੰ ਨਨਕਾਣਾ ਸਾਹਿਬ ਵਿਚ ਲੋਕਲ ਗੁਰਦੁਆਰਾ ਸਾਬਿ ਦੇ ਦਰਸ਼ਨ ਦੀਦਾਰੇ ਕਰਨ ਉਪਰੰਤ ਰਾਤ ਦੇ ਮੇਨ ਸਮਾਗਮ ਉਥੇ ਹੀ ਹੋਣਗੇ ਅਤੇ ਫਿਰ 16 ਨਵੰਬਰ ਨੂੰ ਸੱਚਾ ਸੌਦਾ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਰਾਤ ਨੂੰ ਪੰਜਾ ਸਾਹਿਬ ਪੁੱਜੇਗੀ ਅਤੇ 17 ਨਵੰਬਰ ਨੂੰ ਜਥਾ ਗੁਰਦੁਆਰਾ ਪੰਜਾ ਸਾਹਿਬ ਰਹੇਗਾ, 18 ਸਤੰਬਰ ਨੂੰ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਆਵੇਗਾ ਅਤੇ 19 ਨਵੰਬਰ ਨੂੰ ਵੀ ਕਰਤਾਰ ਸਾਹਿਬ ਰਹੇਗਾ। ਉਨ੍ਹਾਂ ਦੱਸਿਆ ਕਿ 20 ਨਵੰਬਰ ਨੂੰ ਗੁਰਦੁਆਰਾ ਰੋੜੀ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਸ਼ਾਮ ਨੂੰ ਸੰਗਤਾਂ ਦਾ ਜਥਾ ਲਾਹੌਰ ਗੁਰਦੁਆਰਾ ਸਾਹਿਬ ਆਵੇਗਾ, ਜਿਸ ਉਪਰੰਤ 21 ਅਤੇ 22 ਨਵੰਬਰ ਨੂੰ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਹੀ ਰਹੇਗਾ ਅਤੇ 23 ਨਵੰਬਰ ਨੂੰ ਜਥਾ ਵਾਪਸ ਭਾਰਤ ਪਰਤ ਆਵੇਗਾ। ਗੱਲਬਾਤ ਕਰਦਿਆਂ ਜਗਜੀਤ ਸਿੰਘ ਭੁੱਲਰ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀ ਸੰਗਤ ਬਰਤਨ, ਕੰਬਲ, ਚਾਂਦਰਾ ਆਦਿ ਸਮਾਨ ਗੁਰਦੁਆਰਿਆਂ ਲਈ ਲੈ ਕੇ ਜਾਣ। ਉਨ੍ਹਾਂ ਕਿਹਾ ਕਿ ਗੁਰਦੁਆਰਾ ਪੰਜਾ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਜਨਮ ਅਸਥਾਨ ਸ੍ਰੀ ਗੁਰੂ ਰਾਮ ਦਾਸ ਜੀ ਲਾਹੌਰ ਲਈ ਬਰਤਨਾਂ ਦੀ ਸੇਵਾ ਵੀ ਕਰਣਗੇ।

ਖੇਡਾਂ ਵਤਨ ਪੰਜਾਬ ਦੀਆਂ' ਭਾਗ ਲੈਣ ਵਾਲੇ ਖਿਡਾਰੀਆਂ ਨੂੰ

# ਮਾਨ ਸਰਕਾਰ ਨੇ ਦਿੱਤੇ ਕਰੋੜਾਂ ਦੇ ਇਨਾਮ : ਨਵਜੋਤ ਕੌਰ



ਧੂਰੀ ( ਰਣਜੀਤ ਸਿੰਘ ਪੇਧਨੀ ) ਖੇਡ ਖੇਤਰ ਨੂੰ ਪ੍ਰਫੁੱਲਿਤ ਕਰਨ ਲਈ ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਖੇਡਾਂ ਚ ਕ੍ਰਾਂਤੀ ਲਿਆ ਕੇ ਸੂਬੇ ਨੂੰ ਨੰਬਰ 1 ਬਣਾਉਣ ਲਈ ਉਪਰਾਲੇ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਨਵਜੋਤ ਕੌਰ ਧੂਰੀ ਨੇ ਕੀਤਾ । ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਪਿਛਲੇ 2 ਸਾਲ ਦੀ ਸਫਲਤਾਂ ਤੋਂ ਬਾਅਦ ਇਸ ਸਾਲ ਸੀਜ਼ਨ-3 ਦੀ ਸ਼ੁਰੂਆਤ ਤੋਂ ਪਹਿਲਾਂ ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕੱਢੇ ਜਾ ਰਹੇ ਮਾਰਚ ਰਾਹੀਂ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਰ ਵਰਗ ਅਤੇ ਉਮਰ ਖਿਡਾਰੀ ਇਸ ਵਿਚ ਹਿੱਸਾ ਲੈ ਸਕਣਗੇ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਭੈੜੀ ਅਲਾਮਤਾਂ ਤੋਂ ਦੂਰ ਰੱਖਣ ਵਿੱਚ ਕਾਰਗਰ ਸਾਬਤ ਹੋਣਗੀਆਂ । ਪਿਛਲੇ ਸਾਲ ਵੀ ਖਿਡਾਰੀਆਂ ਨੇ ਇਸ ਵਿਚ ਹਿੱਸਾ ਲਿਆ ਸੀ ਅਤੇ ਪੰਜਾਬ ਸਰਕਾਰ ਵੱਲੋਂ ਕਰੋੜ ਰੁਪਏ ਦੇ ਇਨਾਮ ਨਕਦ ਵੰਡੇ ਗਏ ਸਨ।

ਪਾਵਰਕੌਮ ਕਾਮਿਆਂ ਨੇ 10 ਤੋਂ 12 ਸਤੰਬਰ ਤੱਕ

# ਸਮੂਹਿਕ ਛੁੱਟੀ ਤੇ ਜਾਣ ਦਾ ਲਿਆ ਨਿਰਣਾ



ਫ਼ਿਰੋਜ਼ਪੁਰ, 6 ਸਤੰਬਰ (ਮਨੋਹਰ ਲਾਲ):— ਪੀ.ਐਸ.ਈ.ਬੀ ਇੰਪਲਾਈਜ਼ ਜੁਆਇੰਟ ਫੋਰਮ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਵੱਲੋਂ ਸੰਘਰਸ਼ ਦਾ ਨੋਟਿਸ ਲੈਂਦਿਆਂ ਐਲਾਨ ਕੀਤਾ ਕਿ ਸਾਰੇ ਬਿਜਲੀ ਮੁਲਾਜ਼ਮ 10 ਸਤੰਬਰ ਤੋਂ 12 ਸਤੰਬਰ 2024 ਤੱਕ ਆਪਣੀਆਂ ਮੰਗਾਂ ਨੂੰ ਲੈ ਕੇ ਸਮੂਹਿਕ ਛੁੱਟੀ ਤੇ ਜਾਣਗੇ। ਗੱਲਬਾਤ ਕਰਦਿਆਂ ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਅੱਜ ਸਬ ਡਵੀਜਨ ਝੋਕ ਹਰੀਹਰ ਵਿਖੇ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਦੇ ਝੰਡੇ ਹੇਠ ਇਕੱਠੇ ਹੋਏ ਬਿਜਲੀ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਦੇ ਸਬੰਧ ਵਿਚ ਹੰਗਾਮੀ ਮੀਟਿੰਗ ਕੀਤੀ, ਜਿਸ ਦੀ ਪ੍ਰਧਾਨ ਰਾਮ ਸੁੱਖ ਪ੍ਰਧਾਨ ਵੱਲੋਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿਚ ਆਗੂ ਸਾਥੀ ਅਸ਼ਵਨੀ ਕੁਮਾਰ ਡਵੀਜਨ ਪ੍ਰਧਾਨ ਅਤੇ ਸਤੀਸ਼ ਕੁਮਾਰ ਡਵੀਜਨ ਸਕੱਤਰ ਸਬ ਡਵੀਜਨ ਝੋਕ ਹਰੀਹਰ ਦੇ ਆਗੂ ਸਾਥੀ ਸਕੱਤਰ ਰੋਸ਼ਨ ਲਾਲ, ਰਾਜੀਵ ਸ਼ਰਮਾ, ਰਜੇਸ਼ ਕੁਮਾਰ, ਗੁਰਮੁੱਖ ਸਿੰਘ, ਛਿੰਦਰਪਾਲ ਸਿੰਘ, ਰਾਮਸੁੱਖ ਆਦਿ ਆਗੂ ਸਾਥੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਅਤੇ ਰਹਿੰਦੀਆਂ ਮੰਗਾਂ ਬਾਰੇ ਲਗਾਤਾਰ ਟਾਲ—ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ। ਮੀਟਿੰਗ ਦੌਰਾਨ ਬੋਲਦਿਆਂ ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਦਾ 9 ਸਾਲਾ, 16 ਸਾਲਾ, 23 ਸਾਲਾ ਅਤੇ ਡੀ.ਏ ਦੀਆਂ ਕਿਸ਼ਤਾਂ 12 ਪ੍ਰਤੀਸ਼ਤ ਅਤੇ ਪੇਂਡੂ ਭੱਤਾ, ਬਾਰਡਰ ਲੋਸ, ਸੀ.ਆਰ.ਏ 295/19 ਵਾਲੇ ਮੁਲਾਜ਼ਮਾਂ ਦੀਆਂ ਪੂਰੀਆਂ ਤਨਖਾਹਾਂ ਬਾਰੇ, ਆਰ.ਟੀ.ਐਮ ਅਤੇ ਏ.ਐਸ.ਏ.ਏ ਨੂੰ ਪੇ—ਬੈਨ ਦਿੱਤਾ ਜਾਵੇ, ਸਟਾਫ ਦੀ ਘਾਟ ਪੂਰੀ ਕੀਤੀ ਜਾਵੇ, ਮੁਲਾਜ਼ਮਾਂ ਦੀਆਂ ਬਣਦੀਆਂ ਪਰਮੋਸ਼ਨਾਂ ਕੀਤੀਆਂ ਜਾਣ, ਮੁਲਾਜ਼ਮਾਂ ਦਾ ਸਕੇਲਾਂ ਦਾ ਏਰੀਅਰ ਦਿੱਤਾ ਜਾਵੇ, ਪਾਰਟ ਟਾਈਮ ਕਾਮੇਆਂ ਨੂੰ ਪੱਕਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਅਤੇ ਬਿਜਲੀ ਮੁਲਾਜ਼ਮ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਖਿਲਾਫ ਤਿੱਖਾ ਸੰਘਰਸ਼ ਕਰਨਗੇ, ਜਿਸ ਦੀ ਸਾਰੀ ਜਿੰਮੇਵਾਰ ਪੰਜਾਬ ਸਰਕਾਰ ਦੀ ਹੋਵੇਗੀ।

# ਡਿਪਟੀ ਕਮਿਸ਼ਨਰ ਨੇ ਸਾਰਾਗੜ੍ਹੀ ਦਿਵਸ ਮੌਕੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ



**ਫ਼ਿਰੋਜ਼ਪੁਰ. 06 ਸਤੰਬਰ (ਸੁਖਮੰਦਰ ਸਿੰਘ ਸ਼ਾਤ)**-12 ਸਤੰਬਰ 2024 ਨੂੰ ਇਤਿਹਾਸਕ ਗੁਰਦੁਆਰਾ ਸਾਰਾਗੜ੍ਹੀ ਫ਼ਿਰੋਜ਼ਪੁਰ ਛਾਉਣੀ ਵਿਖੇ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿੱਚ ਰਾਜ ਪੱਧਰੀ ਸਮਾਗਮ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਦੌਰਾਨ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਹੋਵੇਗਾ ਜਿਸ ਵਿਚ ਭਾਰਤੀ ਫ਼ੌਜ ਦੇ ਅਧਿਕਾਰੀਆਂ, ਸਿਵਲ ਅਤੇ ਪੁਲੀਸ ਅਧਿਕਾਰੀਆਂ, ਸ਼ਹੀਦਾਂ ਦੇ ਪਰਿਵਾਰਿਕ ਮੈਂਬਰਾਂ ਸਮੇਤ ਵੱਡੀ ਗਿਣਤੀ ਵਿਚ ਸ਼ਰਧਾਲੂ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ. ਰਾਜੇਸ਼ ਧੀਮਾਨ ਨੇ ਸਾਰਾਗੜ੍ਹੀ ਦੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਤਿਆਰੀਆਂ ਦਾ ਜਾਇਜਾ ਲੈਂਦਿਆਂ ਸਬੰਧਿਤ ਵਿਭਾਗਾਂ ਦੇ ਅਧਕਾਰੀਆਂ ਨੂੰ ਸਾਰਾ ਕੰਮ ਜਲਦ ਤੋਂ ਜਲਦ ਮੁਕੰਮਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਸਮਾਗਮ ਤੋਂ ਦੋ ਦਿਨ ਪਹਿਲਾਂ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਜਾਣ। ਉਨ੍ਹਾਂ ਕਿਹਾ ਕਿ ਸਮਾਗਮ ਵਾਲੇ ਸਥਾਨ ਦੀ ਸਾਫ-ਸਫਾਈ, ਪੇਂਟ ਤੇ ਮੁਰੰਮਤ, ਅਸਥਾਈ ਪਖਾਨਿਆਂ ਦਾ ਪ੍ਰਬੰਧ, ਮੈਡੀਕਲ ਸਹੂਲਤਾਂ, ਟ੍ਰੈਫਿਕ ਕੰਟਰੋਲ, ਬਿਜਲੀ ਸਪਲਾਈ, ਪਾਣੀ ਅਤੇ ਲੰਗਰ ਆਦਿ ਦੇ ਪੁਖਤਾ ਪ੍ਰਬੰਧ ਕਰ ਲੈਣ। ਉਨ੍ਹਾਂ ਕਿਹਾ ਕਿ ਸਬੰਧਿਤ ਅਧਿਕਾਰੀ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਤੇ ਇਸ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਸਹਾਇਕ ਕਮਿਸ਼ਨਰ ਸ੍ਰੀ. ਸੂਰਜ ਕੁਮਾਰ, ਸਕੱਤਰ ਰੈੱਡ ਕਰਾਸ ਸ੍ਰੀ. ਅਸੋਕ ਬਹਿਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਡੈਂਗੂ ਦੇ ਖ਼ਾਤਮੇ ਲਈ ਲੋਕਾਂ ਦੇ ਸਹਿਯੋਗ ਦੀ ਲੋੜ - ਐਸ ਆਈ ਅਸ਼ੋਕ ਕੁਮਾਰ



ਧੂਰੀ ( ਰਣਜੀਤ ਸਿੰਘ ਪੇਧਨੀ ) ਡੈਂਗੂ ਤੇ ਵਾਰ ਹਰ ਸ਼ੁਕਰਵਾਰ ਲੜੀ ਤਹਿਤ ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਡਾਕਟਰ ਰਾਜੇਸ਼ ਗਰਗ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਉਂਦੇ ਪਿੰਡਾਂ ਬਾਲੀਆਂ,ਕੁੰਭੜਵਾਲ,ਕਾਂਝਲਾ,ਲੱਡਾਂ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬਾਲੀਆਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ ਘਰ ਘਰ ਜਾ ਕੇ ਅਤੇ ਸਕੂਲੀ ਬੱਚਿਆਂ ਨੂੰ ਡੈਂਗੂ,ਮਲੇਰੀਆ,ਚਿਕਨਗੁਨੀਆ ਅਤੇ ਮੌਸਮੀ ਬਿਮਾਰੀਆਂ ਦੇ ਚਿੰਨ੍ਹ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਗਈ ।ਇਸ ਮੌਕੇ ਬੁਖਾਰ ਵਾਲੇ ਕੇਸਾ ਦੇ ਖ਼ੂਨ ਦੇ ਸੈਪਲ ਇਕੱਤਰ ਕਰਕੇ ਸੀ ਐਚ ਸੀ ਪੱਧਰ ਤੇ ਲੈਬਾਟਰੀ ਵਿੱਚ ਭੇਜੇ ਗਏ ਅਤੇ ਲੋਕਾਂ ਬਿਮਾਰੀਆਂ ਨਾਲ ਸਬੰਧਿਤ ਇਸਤਿਹਾਰ ਵੰਡੇ ਗਏ ਤੇ ਡੈਂਗੂ ਐਪ ਡਾਊਨਲੋਡ ਕਰਨ ਲਈ ਪ੍ਰੇਰਤ ਕੀਤਾ ਗਿਆ ਤੇ ਦੱਸਿਆ ਗਿਆ ਕੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜੋ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਫਰਿੱਜਾਂ ਪਿੱਛੇ ਲੱਗੀ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਤਾਂ ਜੋ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ।ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਅਤੇ ਰਾਤ ਨੂੰ ਸਾਊਣ ਸਮੇਂ ਮੱਛਰਦਾਨੀਆ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਘਰ ਦੇ ਆਲੇ ਦੁਆਲੇ ਕਿਤੇ ਵੀ ਬਰਸਾਤ ਦਾ ਪਾਣੀ ਇਕੱਠਾ ਨਾ ਹੋਣ ਦਿਓ ਜੇ ਕਰ ਕਿਸੇ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਠ੍ਕ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਅਤੇ ਮਰੀਜ਼ ਨੂੰ ਖਾਣਾ ਹੱਲਕਾ ਦਿਓ ਅਤੇ ਤਰਲ ਪਦਾਰਥ ਵੱਧ ਮਾਤਰਾ ਵਿੱਚ ਦੇਵੋ ਤੇ ਮਰੀਜ਼ ਨੂੰ ਮੁਕੰਮਲ ਆਰਾਮ ਕਰਨਾ ਚਾਹੀਦਾ ਹੈ ਜੇਕਰ ਮਰੀਜ਼ ਕਿਸੇ ਕਿਸਮ ਦੀ ਸਮੱਸਿਆ ਹੋਣ ਤੇ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੀਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦ ਟੇਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ। ਹੈ। ਟੀਮ ਮੈਂਬਰ ਅਮਰੀਕ ਸਿੰਘ ਸਿੱਧੂ ,ਹਰਜੀਤ ਸਿੰਘ, ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ ਸੰਧੂ ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

# ਮਲਕ ਨੰਗਲ ਦੀ ਸੰਗਤ ਗੁਰਧਾਮਾਂ ਦੇ ਦਰਸ਼ਨਾਂ ਲਈ ਰਵਾਨਾ




ਚੌਂਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)– ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਦੇ ਨਿਰਦੇਸ਼ਾਂ ਤਹਿਤ ਸੀਨੀਅਰ 'ਆਪ' ਆਗੂ ਮਨਜੀਤ ਸਿੰਘ ਮਲਕ ਨੰਗਲ ਵੱਲੋਂ ਸ਼ਹੀਦ ਬਾਬਾ ਜੀਵਨ ਸਿੰਘ ਦੇ ਜਨਮ ਦਿਹਾੜੇ ਮੌਕੇ ਪਿੰਡ ਮਲਕ ਨੰਗਲ ਦੀ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਸਮੇਂ ਪਿੰਡ ਮਲਕ ਨੰਗਲ ਦੀ ਸੰਗਤ ਦੇ ਵੱਡੇ ਕਾਫਲੇ ਸਮੇਤ ਗੁਰੂ ਘਰਾਂ ਦੇ ਦਰਸ਼ਨਾਂ ਲਈ ਰਵਾਨਾ ਹੋਣ ਮੌਕੇ 'ਆਪ' ਆਗੂ ਮਨਜੀਤ ਸਿੰਘ ਮਕਲ ਨੰਗਲ।

## ਸਿੱਖ ਜਥੇਬੰਦੀਆਂ ਨੇ ਬਾਬਾ ਵਡਭਾਗ ਸਿੰਘ ਦਾ

# ਜਨਮ ਦਿਹਾੜਾ ਮਨਾਉਣ ਇਵਜ ਕਾਨੂੰਨੀ ਕਾਰਵਾਈ ਦੀ ਲਾਈ ਗੁਹਾਰ

ਫ਼ਿਰੋਜ਼ਪੁਰ, 6 ਸਤੰਬਰ (ਮਨੋਹਰ ਲਾਲ):— ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਦੋਸ਼ਾਂ ਹੇਠ ਲਖਬੀਰ ਸਿੰਘ ਮਹਾਲਮ ਸਰਪ੍ਰਸਤ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਅਤੇ ਸਾਥੀਆਂ ਨੇ ਪੁਲਿਸ ਪ੍ਰਸ਼ਾਸਨ ਕੋਲ ਲਗਾਈ ਗੁਹਾਰ। ਪੁਲਿਸ ਪ੍ਰਸ਼ਾਸਨ ਨੂੰ ਲਿਖਤੀ ਬੇਨਤੀ ਪੱਤਰ ਦੇਣ ਉਪਰੰਤ ਪ੍ਰੈਸ ਨਾਲ ਗੱਲਬਾਤ ਕਰਦਿਆਂ ਲਖਵੀਰ ਸਿੰਘ, ਸੁਖਜੀਤ ਸਿੰਘ ਖੋਸਾ, ਸੁਖਦੇਵ ਸਿੰਘ, ਜਗਤਾਰ ਸਿੰਘ, ਬਲਕਾਰ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਬਾਬਾ ਵਡਭਾਗ ਸਿੰਘ ਨੂੰ ਛੇਕਿਆ ਹੋਇਆ ਹੈ, ਜੋ ਕਿ ਧੀਰ ਮੱਲ ਦੀ ਪੰਜਵੀਂ ਗੱਦੀ ਦਾ ਵਾਰਸ ਹੈ ਅਤੇ ਸਿੱਖ ਰਹਿਤ ਮਰਿਆਦਾ ਵਿਚ ਲਿਖਿਆ ਹੈ ਕਿ ਕਿਸੇ ਨੇ ਧੀਰ ਮੱਲੀਆਂ ਨਾਲ ਰੋਟੀ—ਬੇਟੀ ਸਾਂਝ ਨਹੀਂ ਕਰਨੀ, ਪਰ ਫਿਰ ਵੀ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੇ ਖਿਲਾਫ ਉਕਤ ਆਦਮੀਆਂ ਨੇ ਬਾਬਾ ਵਡਭਾਗ ਸਿੰਘ ਦਾ ਜਨਮ ਦਿਨ 2 ਸਤੰਬਰ 2024 ਨੂੰ ਫ਼ਿਰੋਜ਼ਪੁਰ ਦੀ ਦਾਣਾ ਮੰਡੀ, ਬਸਤੀ ਨਿਜਾਮਦੀਨ ਬਹਾਦਰ ਵਾਲਾ, ਪਿੰਡ ਆਲੇਵਾਲਾ ਅਤੇ ਜ਼ੀਰਾ ਦੇ ਪਿੰਡ ਸੋਢੀਵਾਲਾ ਅਤੇ ਹੋਰ ਵੀ ਕਈ ਥਾਵਾਂ ਤੇ ਮਨਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਵਿਚ ਆਪਣੇ ਆਪ ਨੂੰ ਬਾਬਾ ਕਹਾਉਣ ਵਾਲੇ ਅਤੇ ਲੋਕਾਂ ਨੂੰ ਦੈਵੀ ਸ਼ਕਤੀਆਂ ਦੇ ਨਾਮ ਤੇ ਗੁੰਮਰਾਹ ਕਰਦੇ ਹੋਏ ਬਾਬਾ ਬਲਵਿੰਦਰ ਸਿੰਘ, ਬਾਬਾ ਬੇਅੰਤ ਸਿੰਘ ਜ਼ੀਰਾ ਗੇਟ, ਬਾਬਾ ਗੁਰਦੇਵ ਸਿੰਘ ਸੋਢੀ ਵਾਲਾ, ਜ਼ੀਰਾ ਅਤੇ ਗੁਰਮੀਤ ਕੌਰ ਬਹਾਦਰ ਵਾਲਾ ਨੇ ਪ੍ਰਚਾਰਕ, ਕਥਾਵਾਚਕ, ਰਾਗੀ, ਢਾਡੀ ਨੂੰ ਬੁਲਾ ਕੇ ਜਨਮ ਦਿਨ ਮਨਾਇਆ ਹੈ, ਜਿਸ ਨਾਲ ਸਾਡੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਹੈ। ਉਨ੍ਹਾਂ ਕਿਹਾ ਕਿ ਅਸੀਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਇਨ੍ਹਾਂ ਸਾਰੇ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ।



# ਰਿਟਾਇਰਡ ਟੀਚਰ ਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਨੇ ਮਨਾਇਆ ਟੀਚਰ

ਫ਼ਿਰੋਜ਼ਪੁਰ, 6 ਸਤੰਬਰ (ਮਨੋਹਰ ਲਾਲ):— ਰਿਟਾਇਰਡ ਟੀਚਰ ਅਤੇ ਹੋਰ ਪੈਨਸ਼ਨ ਵੈਲਫੇਅਰ ਐਸੋਸੀਏਸ਼ਨ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਚੁੰਗੀ ਖਾਨਾ ਰੋਡ ਕੁੜੀਆਂ ਦੇ ਸਕੂਲ ਵਿੱਚ ਟੀਚਰ ਦਿਵਸ ਮਨਾਇਆ ਗਿਆ। ਇਸ ਦੌਰਾਨ ਤਕਰੀਬਨ 280 ਬੱਚਿਆਂ ਨੂੰ ਮੁਫਤ ਕਾਪੀਆਂ—ਪੈਨਸਲਾਂ ਅਤੇ ਪੈਨ ਦਿੱਤੇ ਗਏ, ਐਸੋਸੀਏਸ਼ਨ ਵੱਲੋਂ ਟੀਚਰ ਡੇ ਤੇ ਵੱਖ—ਵੱਖ ਬੁਲਾਰਿਆਂ ਵੱਲੋਂ ਆਪਣੇ ਵਿਚਾਰ ਰੱਖੇ ਗਏ। ਐਸੋਸੀਏਸ਼ਨ ਦੇ ਪ੍ਰਧਾਨ ਨਛੱਤਰ ਸਿੰਘ ਅਤੇ ਰਮੇਸ਼ ਗਰੋਵਰ ਨੇ ਦੱਸਿਆ ਕਿ ਟੀਚਰ ਡੇ ਅਸੀਂ ਹਰ ਸਾਲ ਮਨਾਉਂਦੇ ਹਾਂ, ਅਜਿਹਾ ਕਰਕੇ ਅਸੀਂ ਉਨ੍ਹਾਂ ਦਾ ਆਦਰ ਸਤਿਕਾਰ ਵੀ ਕਰਦੇ ਹਾਂ। ਇਸ ਸਾਲ ਵੀ ਕੁਝ ਸੀਨੀਅਰ ਅਧਿਆਪਕਾਂ ਨੂੰ ਅਧਿਆਪਕ ਦਿਵਸ ਉੱਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਸ਼੍ਰੀਮਤੀ ਸਵਦੇਸ਼ ਕੁਮਾਰੀ ਰਿਟਾਇਰਡ ਬੀਪੀਈਓ ਫਿਰੋਜਪੁਰ, ਸ਼੍ਰੀ ਓਮ ਪ੍ਰਕਾਸ਼ ਗਰੋਵਰ ਰਿਟਾਇਰਡ ਸੈਂਟਰ ਹੈਡ ਟੀਚਰ, ਸ੍ਰੀ ਕਾਹਨ ਚੰਦ ਰਿਟਾਇਰਡ ਬੀਪੀਈਓ ਗੁਰੂਹਰਸਹਾਇ, ਸ਼੍ਰੀ ਬਨਾਰਸੀ ਦਾਸ ਰਿਟਾਇਰਡ ਹੈਡ ਟੀਚਰ ਅਤੇ ਸ੍ਰੀਮਤੀ ਬਲਜਿੰਦਰ ਕੌਰ ਹੈਡ ਟੀਚਰ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਜੱਗਾ ਸਿੰਘ, ਬਚਿੱਤਰ ਸਿੰਘ, ਰਾਜਪਾਲ ਸਿੰਘ, ਬਰਿਜ ਭੂਸ਼ਨ ਧਵਨ, ਬਲਵਿੰਦਰ ਪਾਲ ਸ਼ਰਮਾ ਅਤੇ ਹੋਰ ਸਾਥੀ ਹਾਜ਼ਰ ਸਨ।




# ਜ਼ਿਆਦਾ ਸਟਰੈਸ, ਖਾਨ-ਪੀਣ, ਲਾਈਫ ਸਟਾਈਲ ਜਾਂ ਐਕਸਰਸਾਈਜ਼ ਨਾ ਕਰਨ ਨਾਲ ਵੱਧ ਰਿਹਾ ਹੈ ਹਾਰਟ ਅਟੈਕ - ਡਾ. ਮੰਨਨ ਆਨੰਦ

**ਚੌਂਕ ਮਹਿਤਾ, 6 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਉੱਤਰ ਭਾਰਤ ਦੇ ਪ੍ਰਸਿੱਧ ਦਿਲ ਦੇ ਰੋਗਾਂ ਦੇ ਮਾਹਿਰ ਸਰਜਨ ਅਤੇ ਜਨਤਾ ਹਸਪਤਾਲ ਏਅਰਪੋਰਟ ਰੋਡ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਨਨ ਆਨੰਦ ਨੇ ਕਿਹਾ ਕਿ ਅੱਜ ਕੱਲ੍ਹ ਯੰਗ ਆਦਮੀਆਂ ਜਿੰਨ੍ਹਾਂ ਦੀ ਉਮਰ 50 ਸਾਲ ਤੋਂ ਘੱਟ ਅਤੇ ਔਰਤਾਂ ਜਿੰਨ੍ਹਾਂ ਦੀ ਉਮਰ 45 ਸਾਲ ਤੋਂ ਘੱਟ ਹੈ ਵਿੱਚ ਕਾਫੀ ਹਾਰਟ ਅਟੈਕ ਹੋ ਰਹੇ ਹਨ ਪਹਿਲਾ ਹਾਰਟ ਅਟੈਕ ਵੱਡੀ ਉਮਰ 50 ਸਾਲ ਤੋਂ ਬਅਦ ਹੁੰਦਾ ਸੀ ਜਿਸਦੇ ਪ੍ਰਮੁੱਖ ਕਾਰਨਾਂ ਵਿੱਚ ਐਕਸਰਸਾਈਜ਼ ਨਾ ਕਰਨਾ ਜਾਂ ਹੱਥੀ ਕੰਮ ਬਹੁਤ ਘੱਟ ਕਰਨਾ, ਖਾਨ–ਪੀਣ ਵਿੱਚ ਭਾਰੀ ਬਦਲਾਅ, ਗਲਤ ਲਾਈਫ ਸਟਾਈਲ, ਕਿਸੇ ਤਰ੍ਹਾਂ ਦਾ ਸਟ੍ਰੈਸ ਰਹਿਣਾ, ਫੈਮਲੀ ਹਿਸਟਰੀ, ਸਿਗਰੇਟ, ਸ਼ਰਾਬ ਜਾਂ ਹੋਰ ਪ੍ਰਕਾਰ ਦੇ ਨਸ਼ਿਆਂ ਦਾ ਸੇਵਨ ਕਰਨਾ ਆਦਿ ਹਨ ਡਾ. ਮੰਨਨ ਆਨੰਦ ਨੇ ਕਿਹਾ ਕਿ ਜੇਕਰ ਅਸੀਂ 1 ਘੰਟਾ ਸੈਰ ਕਰੀਏ ਤਾਂ 3 ਘੰਟੇ ਦੀ ਜ਼ਿੰਦਗੀ ਵੱਧ ਜਾਂਦੀ ਹੈ ਜੇਕਰ 1 ਘੰਟਾ ਰਨਿੰਗ ਕਰੀਏ ਤਾਂ 4 ਘੰਟੇ ਦੀ ਜ਼ਿੰਦਗੀ ਵਧਾ ਸਕਦੇ ਹਾਂ ਇਸ ਲਈ ਹਰ ਇੱਕ ਨੂੰ ਰੋਜ਼ਾਨਾ ਸੈਰ, ਤੇਜ਼ ਦੌੜਨਾ ਜਾਂ ਹੋਰ ਸਰੀਰਕ ਐਕਸਰਸਾਈਜ਼ ਜ਼ਰੂਰ ਕਰਨੀ ਚਾਹੀਦੀ ਹੈ ਉਨ੍ਹਾਂ ਦੱਸਿਆ ਕਿ ਹਾਰਟ ਅਟੈਕ ਦੇ ਲਛਣਾਂ ਵਿੱਚ ਸੀਨੇ ਵਿੱਚ ਦਰਦ, ਬੇਚੈਨੀ ਜਾਂ ਦਬਾਅ ਹੋਣਾ, ਸਾਹ ਲੈਣ ਵਿੱਚ ਤਲਕਲੀਫ ਹੋਣਾ, ਚੱਕਰ ਆਉਣਾ, ਸਿਰ ਹਲਕਾ ਹੋਣਾ ਜਾਂ ਬੇਹੋਸ਼ ਹੋ ਜਾਣਾ, ਜੀ ਮਚਲਾਨਾ ਜਾਂ ਉਲਟੀ ਆਉਣਾ, ਜਬੜੇ ਗਰਦਨ, ਪੀਠ, ਹੱਥਾਂ ਜਾਂ ਮੋਢਿਆ ਵਿੱਚ ਦਰਦ ਜਾਂ ਬੇਚੈਨੀ ਹੋਣਾ, ਦਿਲ ਦੀ ਧੜਕਨ ਵੱਧਣਾ ਠੰਡਾ ਪਸੀਨਾ ਆਉਣਾ, ਨੀਂਦ ਨਾ ਆਉਣਾ, ਚਿੰਤਾ ਦੀ ਭਾਵਨਾ ਆਦਿ ਮੁੱਖ ਲੱਛਣ ਹਨ ਉਨ੍ਹਾਂ ਦੱਸਿਆ ਕਿ ਹਾਰਟ ਅਟੈਕ ਤੱਦ ਹੁੰਦਾ ਹੈ ਜਦੋਂ ਦਿਲ ਨੂੰ ਖੂਨ ਦੀ ਅਪੂਰਤੀ ਬੰਦ ਹੋ ਜਾਂਦੀ ਹੈ ਅਤੇ ਦਿਲ ਦੀ ਮਾਸ਼ਪੇਸ਼ੀਆਂ ਨੂੰ ਪੂਰੀ ਆਕਸੀਜਨ ਨਹੀਂ ਮਿਲ ਪਾਉਂਦੀ, ਦਿਲ ਦਾ ਦੌਰਾ ਜਿਆਦਾਤਰ ਕੋਰੋਨਰੀ ਦਿਲ ਰੋਗ ਦੇ ਕਾਰਨ ਹੁੰਦਾ ਹੈ ਸਵਸਥ ਜੀਵਨਸ਼ੈਲੀ ਅਪਣਾਕੇ ਦਿਲ ਦਾ ਦੌਰਾ ਪੈਣ ਦੇ ਖਤਰੇ ਨੂੰ ਘੱਟ ਕੀਤਾ ਜਾ ਸਕਦਾ ਹੈ।



# ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਥਾਵਾਂ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ: ਡਾ ਕਿਰਨਦੀਪ ਕੌਰ



**ਚੌਂਕ ਮਹਿਤਾ, 6 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਸੰਬਧੀ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੂਸਾਰ ਜਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੋਰ ਵਲੋਂ ਇਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ। ਜਿਸ ਵਿਚ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਮੈਡੀਕਲ ਅਫਸਰ ਡਾ ਸ਼ਬਨਮ, ਐਸ.ਆਈ. ਮਨਜਿੰਦਰ ਸਿੰਘ, ਰਜਿੰਦਰ ਸਿੰਘ, ਜੁਝਾਰ ਸਿੰਘ, ਰਜੇਸ਼ ਕੁਮਾਰ, ਦੀਪਕ ਕੁਮਾਰ, ਰਸ਼ਪਾਲ ਸਿੰਘ, ਬਲਵਿੰਦਰ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ। ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ–ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਮਾਲ ਰੋਡ, ਸਰਕੂਲਰ ਰੋਡ ਅਤੇ ਰਣਜੀਤ ਐਵੀਨਿਓ ਦੇ ਨੇੜੇ ਦੇ ਇਲਾਕਿਆਂ ਵਿਚ 12 ਦੁਕਾਨਦਾਰਾਂ ਅਤੇ ਪਬਲਿਕ ਪਲੇਸ ਤੇ ਸਿਗਰਟ ਪੀਣ ਵਾਲੇ 6 ਲੋਕਾਂ ਦੇ ਮੌਕੇ ਤੇ ਚਲਾਣ ਕਟੇ ਗਏ ਅਤੇ ਪੰਜਾਬ ਸਰਕਾਰ ਵਲੋਂ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਚੇਤਾਵਨੀਂ ਦਿੰਦਿਆ ਹਿਦਾਇਤਾਂ ਜਾਰੀ ਕੀਤੀਆਂ ਅਤੇ ਮੌਕੇ ਤੇ ਬਿਨਾਂ ਮਾਪ–ਦੰਡ ਵਾਲੇ ਸਿਗਰਟ ਪ੍ਰੋਗਕਟ ਨੂੰ ਨਸ਼ਟ ਵੀ ਕੀਤਾ ਗਿਆ। ਇਸ ਮੌਕੇ ਜਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੋਰ ਵਲੋ ਜਾਣਕਾਰੀ ਦਿੱਤੀ ਗਈ ਕਿ ਭਾਰਤ ਸਰਕਾਰ ਵਲੋਂ ਜਾਰੀ ਹੁਕਮਾਂ ਅਨੂਸਾਰ ਇਹ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੂਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ "ਤੰਬਾਕੂ ਦਰਦਨਾਕ ਮੌਤ ਅਤੇ ਕੈਂਸਰ ਦਾ ਕਾਰਣ ਬਣਦਾ ਹੈ" ਲਿਖਿਆ ਜਾਣਾਂ ਲਾਜਮੀਂ ਹੈ। ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਅਪਰਾਧ ਹੈ। ਇਸ ਲਈ ਜੇਕਰ ਕੋਈ ਵੀ ਤੰਬਾਕੂ ਵਿਕ੍ਰੇਤਾਂ ਬਿਨਾਂ ਮਾਪਦੰਡ ਵਾਲਾ ਤੰਬਾਕੂ ਸਮਾਨ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਧਾਰਾ 20 ਤਹਿਤ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਥਾਵਾਂ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ।

# ਫੂਡ ਸੇਫਟੀ ਵਿਭਾਗ ਵਲੋਂ ਨਾਮੀਂ ਡੇਅਰੀਆਂ ਤੇ ਕਸਿੱਆ ਗਿਆ ਸ਼ਿਕੰਜਾ, ਮਿਲਾਵਟਖੋਰਾਂ ਨੂੰ ਨਹੀ ਬਖਸ਼ਿਆ ਜਾਵੇਗਾ: ਰਜਿੰਦਰਪਾਲ ਸਿੰਘ

**ਚੌਂਕ ਮਹਿਤਾ, 6 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਦੁੱਧ ਅਤੇ ਦੁੱਧ ਦੇ ਪਦਾਰਥਾਂ ਵਿਚ ਹੋ ਰਹੀ ਮਿਲਾਵਟ ਨੂੰ ਨੱਥ ਪਾਓਣ ਲਈ ਫੂਡ ਸੇਫਟੀ ਟੀਮ ਵਲੋਂ ਵਿਡੀ ਗਈ ਮੁਹਿੰਮ ਦੀ ਲਗਾਤਾਰਤਾ ਤਹਿਤ ਮਾਣਯੋਗ ਡਿਪਟੀ ਕਮਿਸ਼ਨਰ ਸ਼੍ਰੀ ਘਨਸ਼ਾਮ ਥੋਰੀ ਅਤੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਸਹਾਇਕ ਕਮਿਸ਼ਨਰ ਫੂਡ ਸ੍ਰ ਰਜਿੰਦਰਪਾਲ ਸਿੰਘ ਜੀ ਦੀ ਅਗਵਾਈ ਹੇਠਾਂ, ਫੂਡ ਸੇਫਟੀ ਅਫਸਰ ਕਮਲਦੀਪ ਕੌਰ ਅਤੇ ਟੀਮ ਵਲੋਂ ਰਾਮ ਤੀਰਥ ਰੋਡ ਅਤੇ ਛੇਹਰਟਾ ਰੋਡ ਵਿਖੇ ਨਾਮੀਂ ਡੇਅਰੀਆਂ ਜਿਨਾਂ ਵਿੱਚ ਪੰਨੂ ਡੇਅਰੀ, ਵਿਨੋਦ ਡੇਅਰੀ, ਅਜਾਦ ਡੇਅਰੀ, ਗਿੱਲ ਡੇਅਰੀ ਅਤੇ ਗੁਰੂ ਅਮਰਦਾਸ ਡੇਅਰੀ ਅਤੇ ਸਵੀਟ ਸ਼ਾਪ ਸ਼ਾਮਲ ਹਨ, ਤੇ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਮੌਕੇ ਤੇ ਕੁਲ 15 ਸੈਂਪਲ ਭਰੇ ਗਏ ਹਨ, ਜਿਨਾਂ ਵਿਚੋਂ 4 ਸੈਂਪਲ ਦੁੱਧ ਅਤੇ 11 ਸੈਂਪਲ ਦੁੱਧ ਤੋਂ ਬਣੇ ਪਦਾਰਥਾਂ ਦੇ ਹਨ। ਇਸ ਮੌਕੇ ਸਹਾਇਕ ਕਮਿਸ਼ਨਰ ਫੂਡ ਸ੍ਰ ਰਜਿੰਦਰਪਾਲ ਸਿੰਘ ਨੇ ਕਿਹਾ ਕਿ ਇਹ ਸਾਰੇ ਸੈਂਪਲ ਸਟੇਟ ਫੂਡ ਲੈਬ ਖਰੜ ਵਿਖੇ ਜਾਂਚ ਲਈ ਭੇਜੇ ਗਏ ਹਨ ਅਤੇ ਰਿਪੋਰਟ ਆਓਣ ਤੋਂ ਬਾਦ ਇਹਨਾਂ ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਡੇਅਰੀ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਕਿਸਮ ਦੀ ਮਿਲਾਵਟਖੋਗੀ ਨਾਂ ਕੀਤੀ ਜਾਵੇ ਅਤੇ ਲੋਕਾਂ ਨੂੰ ਮਿਆਰੀ ਦੱਧ ਤੇ ਦੁੱਧ ਦੇ ਪਦਾਰਥ ਮੁਹੱਈਆ ਕੀਤੇ ਜਾ ਸਕਣ।



ਸ੍ਰ ਸਵਰਨ ਸਿੰਘ ਖਹਿਰਾ ਬਾਸਰਪੁਰ ਦੇ ਸ਼ਰਧਾਂਜਲੀ ਸਮਾਗਮ ਵਿੱਚ

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਭਰੀ ਗਈ ਹਾਜ਼ਰੀ

## ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਅਤੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਕੀਤੀ ਸ਼ਰਧਾਂਜਲੀ ਭੇਂਟ















**ਚੌਂਕ ਮਹਿਤਾ, 6 ਸਤੰਬਰ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਸ੍ਰ ਸਵਰਨ ਸਿੰਘ ਖਹਿਰਾ ਬਾਸਰਪੁਰ ਬਟਾਲਾ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦੇ ਨਮਿਤ ਸਰਧਾਜਲੀ ਸਮਾਗਮ ਚ ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ । ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਾਜ਼ਰੀ ਭਰੀ ਗਈ। ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਅਤੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਦੱਸਿਆ ਕਿ ਸ੍ਰ ਸਵਰਨ ਸਿੰਘ ਬਹੁਤ ਹੀ ਮਿਲਾਪੜੇ ਅਤੇ ਨਿੱਘੇ ਸੁਭਾਅ ਦੇ ਇਨਸਾਨ ਸਨ ਆਏ ਗਏ ਗੁਰਮੁਖ ਪਿਆਰਿਆਂ ਦੀ ਬਹੁਤ ਹੀ ਚੜਦੀ ਕਲਾ ਅਤੇ ਸ਼ਰਧਾ ਭਾਵਨਾ ਨਾਲ ਸੇਵਾ ਕਰਦੇ ਸਨ। ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹੁਕਮਨਾਮਾ ਸਾਹਿਬ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਫੋਨ ਰਾਹੀਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਸ੍ਰ ਗੁਰਸ਼ਰਨ ਸਿੰਘ ਵਾੜਾ ਸ਼ੇਰ ਸਿੰਘ, ਸ੍ਰ ਜਤਨਪ੍ਰੀਤ ਸਿੰਘ ਪੋਤਰਾ, ਸ੍ਰ ਅਮਨਦੀਪ ਸਿੰਘ ਖਹਿਰਾ, ਭਾਈ ਦਮਨਪ੍ਰੀਤ ਸਿੰਘ ਜੀ ਜ਼ਿਲ੍ਹਾ ਜਰਨਲ ਸਕੱਤਰ ਅਤੇ ਹੋਰ ਪੰਚ ਸਰਪੰਚ ਮੋਹਤਬਾਰ ਸਿੰਘ ਅਤੇ ਬੇਅੰਤ ਸੰਗਤਾਂ ਹਾਜ਼ਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਪਿੰਡ ਵਾੜਾ ਸ਼ੇਰ ਸਿੰਘ ਜ਼ਿਲ੍ਹਾ ਤਰਨਤਾਰਨ ਅਤੇ ਹੋਰ ਨਗਰਾਂ ਤੋਂ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਗੁਰਧਾਮਾਂ ਦੇ

# ਦਰਸ਼ਨ ਦੀਦਾਰਿਆਂ ਲਈ 13 ਗੱਡੀਆਂ ਦੇ ਕਾਫਲੇ ਨਾਲ ਸੰਗਤਾਂ

## ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਬੋਲਦਿਆਂ ਕਿਹਾ ਕਿ ਗੱਡੀਆਂ ਦੀ ਸੇਵਾ ਪਿੰਡ ਵਾੜਾ ਸ਼ੇਰ ਸਿੰਘ ਤੋਂ ਸ੍ਰ ਕਰਨੈਲ ਸਿੰਘ ਸਪੁੱਤਰ ਸ੍ਰ ਮੁਖਤਿਆਰ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀ ਗਈ




















**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)** -ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਸਦਕਾ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਲਈ ਪਿੰਡ ਵਾੜਾ ਸ਼ੇਰ ਸਿੰਘ ਅਤੇ ਹੋਰ ਨਗਰ ਜ਼ਿਲ੍ਹਾ ਤਰਨਤਾਰਨ ਤੋਂ 13 ਗੱਡੀਆਂ ਦੇ ਕਾਫਲੇ ਨਾਲ ਸੰਗਤਾਂ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਾੜਾ ਸ਼ੇਰ ਸਿੰਘ ਤੋਂ ਗੁਰੂ ਸਾਹਿਬ ਜੀ ਦੇ ਚਰਨਾਂ ਚ ਅਰਦਾਸ ਬੇਨਤੀ ਕਰਕੇ ਸੰਗਤਾਂ ਰਵਾਨਾ ਹੋਈਆਂ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਬੋਲਦਿਆ ਦੱਸਿਆ ਕਿ ਅੱਜ ਮਿਤੀ 6 ਸਤੰਬਰ ਦਿਨ ਸ਼ੁੱਕਰਵਾਰ ਨੂੰ ਅੰਮ੍ਰਿਤ ਵੇਲੇ ਗੁਰੂ ਸਾਹਿਬ ਜੀ ਦੇ ਚਰਨਾਂ ਚ ਅਰਦਾਸ ਬੇਨਤੀ ਕਰਕੇ ਸੰਗਤਾਂ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨ ਦੀਦਾਰਿਆਂ ਨੂੰ ਰਵਾਨਾ ਹੋਈਆਂ। ਗੱਡੀਆਂ ਦੀ ਸੇਵਾ ਪਿੰਡ ਵਾੜਾ ਸ਼ੇਰ ਸਿੰਘ ਤੋਂ ਸ੍ਰ ਕਰਨੈਲ ਸਿੰਘ ਜੀ ਸਪੁੱਤਰ ਸ੍ਰ ਮੁਖਤਿਆਰ ਸਿੰਘ ਜੀ ਦੇ ਪਰਿਵਾਰ ਵੱਲੋਂ ਕੀਤੀ ਗਈ। ਇਸ ਤੋਂ ਬਾਅਦ ਸੰਗਤਾਂ ਪਿੰਡ ਮਾੜੀ ਕੰਬੋਕੇ ਬਾਬਾ ਸੁੱਖਾ ਸਿੰਘ ਜੀ ਬਾਬਾ ਮਹਿਤਾਬ ਸਿੰਘ ਜੀ ਦੇ ਅਸਥਾਨਾਂ ਦੇ ਦਰਸ਼ਨ ਦੀਦਾਰਿਆਂ ਲਈ ਪਹੁੰਚੀਆਂ। ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ ਵਾਲਿਆਂ ਵੱਲੋਂ ਸੰਗਤਾਂ ਦੀ ਬਹੁਤ ਹੀ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ ਗਈ। ਨਾਲ ਹੀ ਬਾਬਾ ਬਲਵਿੰਦਰ ਸਿੰਘ ਜੀ ਵੱਲੋਂ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ , ਸ੍ਰ ਕਰਨੈਲ ਸਿੰਘ ਜੀ ਅਤੇ ਸਮੂਹ ਪਤਵੰਤਿਆਂ ਨੂੰ ਸਿਰਪਾਓ ਦੇ ਕੇ ਸਨਮਾਨ ਕੀਤਾ। ਇਸੇ ਤਰ੍ਹਾਂ ਬਾਬਾ ਜੀ ਨੇ ਬੋਲਦਿਆਂ ਕਿਹਾ ਕਿ ਰਵਾਨਗੀ ਤੋਂ ਪਹਿਲਾਂ ਸ੍ਰ ਕਰਨੈਲ ਸਿੰਘ ਜੀ ਦੇ ਪਰਿਵਾਰ ਵੱਲੋਂ ਸਾਰੇ ਡਰਾਈਵਰ ਵੀਰਾਂ ਨੂੰ ਸਿਰਪਾਓ ਦਿੱਤੇ ਗਏ। ਸ੍ਰ ਜਸਬੀਰ ਸਿੰਘ ਜੀ ਮੱਦਰ ਹੁਰਾਂ ਦੀ ਅਗਵਾਈ ਵਿੱਚ ਸਮੂਹ ਵੀਰਾਂ ਨੇ ਗੱਡੀਆਂ ਦੀ ਸੇਵਾ ਕੀਤੀ।ਇਸ ਮੌਕੇ ਸ੍ਰ ਚਾਨਣ ਸਿੰਘ ਸਾਬਕਾ ਸਰਪੰਚ,ਬਾਬਾ ਹਰਦੇਵ ਸਿੰਘ ਜੀ ਭੈਣੀ ਮੱਸਾ ਸਿੰਘ ਇਕਾਈ ਪ੍ਰਧਾਨ ,ਬਾਬਾ ਦਇਆ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਸ੍ਰ ਕਰਨੈਲ ਸਿੰਘ ਜੀ ਸਪੁੱਤਰ ਸ੍ਰ ਮੁਖਤਿਆਰ ਸਿੰਘ, ਰਸ਼ਪਾਲ ਸਿੰਘ, ਮਨਜੀਤ ਸਿੰਘ, ਗੁਰਸ਼ਰਨ ਸਿੰਘ, ਦਲੇਰ ਸਿੰਘ ਕਲਸੀਆਂ, ਦਿਲਬਾਗ ਸਿੰਘ, ਭਗਵੰਤ ਸਿੰਘ ਦਿਆਲਪੁਰਾ, ਸ੍ਰ ਬਲਵਿੰਦਰ ਸਿੰਘ ਅਲਗੋ,ਗੁਰਸਾਹਬ ਸਿੰਘ, ਪਿਸ਼ੌਰਾ ਸਿੰਘ,ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬ੍ਰਹਮ ਗਿਆਨੀ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਰੰਗਰੇਟੇ ਗੁਰੂ ਜੀ ਦੇ ਬੇਟੇ ਜੀ ਜਨਮ ਦਿਹਾੜੇ ਦੀਆਂ ਦੇਸਾ ਵਿਦੇਸਾਂ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆ ਹੋਣ ਜੀ





## --★ ਵੱਲੋਂ ★--

ਬ੍ਰਹਮ ਗਿਆਨੀ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਰੰਗਰੇਟੇ ਗੁਰੂ ਜੀ ਦੇ ਬੇਟੇ ਜੀ ਜਨਮ ਦਿਹਾੜੇ ਦੀਆਂ ਦੇਸਾ ਵਿਦੇਸਾਂ ਦੀਆਂ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈਆ ਹੋਣ ਜੀ ਵੱਲੋਂ ਸੰਤ ਬਾਬਾ ਮੇਜਰ ਸਿੰਘ ਮੁੱਖੀ ਦਸਮੇਸ ਤਰਨਾ ਦੱਲ,ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ,ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਬੇਰ ਸਾਹਿਬ ਬੋਪਾਰਾਏ ਵਾਲੇ,ਸੰਤ ਬਾਬਾ ਗੁਰਦੀਪ ਸਿੰਘ ਸੰਪਰਦਾਈ ਹਰਖੋਵਾਲ ਗੁਰੂ ਨਾਨਕ ਦੇਵ ਜੀ ਦਰਬਾਰ ਖੁਜਾਲੇ ਵਾਲੇ, ਸੰਤ ਬਾਬਾ ਗੁਰਦਿਆਲ ਸਿੰਘ ਕਾਲੇਕੇ ਵਾਲੇ,ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਵਾਈਸ ਪ੍ਰਧਾਨ ਵਾਪਾਰ ਮੰਡਲ ਵਿੰਗ ਅੰਮ੍ਰਿਸਰ ਪੀ ਏ ਸ੍ਰੀ ਵਿਨੀਤ ਵਰਮਾ ਜੀ,ਢਾਡੀ ਲਖਵਿੰਦਰ ਸਿੰਘ ਸੋਹਲ, ਸਮਾਜ ਸੇਵੀ ਵੈਦ ਜਗਦੀਸ ਸਿੰਘ ਮਹਿਤਾ,ਸੰਤ ਬਾਬਾ ਹਰਦੀਪ ਸਿੰਘ ਬੇਗੋਵਾਲ ( ਚੰਨਣਕੇ ਵਾਲੇ) ਰਾਗੀ ਭਾਈ ਨੀਸਾਨ ਸਿੰਘ ਚੰਨਣਕੇ ( ਕਨੈਡਾ) ਗਿਆਨੀ ਮਲਕੀਅਤ ਸਿੰਘ ਬੱਗਾ ਇੰਟਰਨੈਸ਼ਨਲ ਢਾਡੀ ਜਥਾ,ਭਾਈ ਕੁਲਜੀਤ ਸਿੰਘ ਹੈਡ ਗ੍ਰੰਥੀ ਅਠਵਾਲ ਵਾਲੇ,ਗਿਆਨੀ ਕਲਵੰਤ ਸਿੰਘ ਪ੍ਰਭਾਤ ਹਜ਼ੂਰੀ ਰਾਗੀ ਬੰਗਲਾ ਸਾਹਿਬ ਦਿੱਲੀ ਵਾਲੇ,ਮੇਜਰ ਸਿੰਘ ਸਹੋਤਾ ਸਰਪੰਚ ਸਾਬਕਾ ਚੰਨਣਕੇ,ਭਾਈ ਭਗਵਾਨ ਸਿੰਘ ਖੁਜਾਲਾ ਸੀਨੀਅਰ ਪੱਤਰਕਾਰ,ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਭਾਈ ਬਿਕਰਮਜੀਤ ਸਿੰਘ ਹੈਡ ਗ੍ਰੰਥੀ ਟਕਾਪੁਰ, ਭਾਈ ਜਥੇਦਾਰ ਗੁਰਵਿੰਦਰਪਾਲ ਸਿੰਘ ਗੋਰਾ ਮੈਬਰ ਸਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਸਰ ਸਾਹਿਬ,ਭਾਈ ਕੁੰਨਵਰ ਸਿੰਘ ਚੰਨਣਕੇ

**(ਜਾਰੀ ਕਰਦਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ, ਮਹਿਤਾ)**

### ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਤੇ ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਦੇ

# ਸ਼ਹੀਦੀ ਦਿਹਾੜੇ ’ਤੇ ਸ੍ਰੀ ਦਰਬਾਰ ਸਾਹਿਬ ਸਮੂਹ ’ਚ ਹੋਇਆ ਸਮਾਗਮ



## ਐਮ.ਪੀ. ਸਰਬਜੀਤ ਸਿੰਘ ਮਲੋਆ ਸਮੇਤ ਸ਼ਹੀਦਾਂ ਦੇ ਪਰਿਵਾਰਾਂ ਦਾ ਸਨਮਾਨ

**ਅੰਮ੍ਰਿਤਸਰ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੇ ਦਰਿਆਈ ਪਾਣੀਆਂ ਦੇ ਰਾਖੇ ਵਜੋਂ ਜਾਣੇ ਜਾਂਦੇ ਖ਼ਾਲਿਸਤਾਨੀ ਜੁਝਾਰੂ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਬੱਬਰ ਅਤੇ ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਬੱਬਰ ਦੇ ਸ਼ਹੀਦੀ ਦਿਹਾੜੇ ’ਤੇ ਸ੍ਰੀ ਦਰਬਾਰ ਸਾਹਿਬ ਸਮੂਹ ’ਚ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਅਖੰਡ ਕੀਰਤਨੀ ਜਥੇ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਵਾਏ ਗਏ, ਉਪਰੰਤ ਧੁਰ ਕੀ ਬਾਣੀ ਦਾ ਕੀਰਤਨ ਹੋਇਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੰਦਰਾ ਗਾਂਧੀ ਨੂੰ ਸੋਧਣ ਵਾਲੇ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਅਤੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਮਲੋਆ, ਸ਼ਹੀਦ ਭਾਈ ਸਤਵੰਤ ਸਿੰਘ ਅਗਵਾਨ ਦੇ ਭਤੀਜੇ ਭਾਈ ਸੁਖਵਿੰਦਰ ਸਿੰਘ ਅਗਵਾਨ, ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਦੇ ਪਰਿਵਾਰ ਵਜੋਂ ਅਖੰਡ ਕੀਰਤਨੀ ਜਥਾ ਜਰਮਨੀ ਦੇ ਆਗੂ ਭਾਈ ਭੁਪਿੰਦਰ ਸਿੰਘ ਭਲਵਾਨ, ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਦੇ ਭਰਾ ਭਾਈ ਸਤਪਾਲ ਸਿੰਘ ਝੱਲੀਆਂ ਅਤੇ ਸ਼ਹੀਦ ਭਾਈ ਕਸ਼ਮੀਰ ਸਿੰਘ ਸ਼ੀਰਾ ਪੱਟੀ ਦੇ ਭਤੀਜੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ) ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਭੁਪਿੰਦਰ ਸਿੰਘ ਭਲਵਾਨ ਨੇ ਦੱਸਿਆ ਕਿ ਅੱਜ ਦੇ ਸ਼ਹੀਦੀ ਸਮਾਗਮ ’ਚ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਦੇ ਪਰਿਵਾਰ ਨੇ ਆਉਣਾ ਸੀ ਪਰ ਐਕਸੀਡੈਂਟ ਵਿੱਚ ਉਹਨਾਂ ਦੀ ਭੈਣ ਬੀਬੀ ਸੁਰਿੰਦਰ ਕੌਰ ਦੀ ਲੱਤ ਟੁੱਟ ਗਈ ਅਤੇ ਭਣੋਈਏ ਸ. ਅਵਤਾਰ ਸਿੰਘ ਦੀ ਮੌਤ ਹੋ ਗਈ ਜੋ ਸਾਡੇ ਸਾਰਿਆਂ ਲਈ ਬਹੁਤ ਦੁੱਖਦਾਈ ਹੈ। ਉਹਨਾਂ ਦੱਸਿਆ ਕਿ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸੁਸ਼ੋਭਿਤ ਹੈ ਅਤੇ ਸ਼੍ਰੋਮਣੀ ਕਮੇਟੀ ਨੇ ਭਾਈ ਚਰਨਜੀਤ ਸਿੰਘ ਚੰਨਾ ਦੀ ਤਸਵੀਰ ਲਗਾਉਣ ਦਾ ਵੀ ਭਰੋਸਾ ਦਿੱਤਾ ਹੈ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਜੂਨ 1984 ਦੇ ਘੱਲੂਘਾਰੇ ਤੋਂ ਬਾਅਦ ਇਹਨਾਂ ਸੂਰਮਿਆਂ ਨੇ ਹਿੰਦ ਸਰਕਾਰ ਵਿਰੁੱਧ ਹਥਿਆਰਬੰਦ ਲੜਾਈ ਲੜੀ ਅਤੇ ਫਸਲਾਂ, ਨਸਲਾਂ ਤੇ ਪਾਣੀਆਂ ਦੀ ਰਾਖੀ ਕੀਤੀ। ਇਹ ਸੂਰਮੇ ਖ਼ਾਲਿਸਤਾਨ ਦੇ ਸੰਘਰਸ਼ ਵਿੱਚ ਆਪਾ ਵਾਰ ਗਏ। ਅੱਜ ਜੇਕਰ ਸਾਡੇ ਸਿਰਾਂ ਉੱਤੇ ਕੇਸ ਅਤੇ ਦਸਤਾਰਾਂ ਸ਼ੋਭਦੀਆਂ ਹਨ ਤਾਂ ਇਹਨਾਂ ਸ਼ਹੀਦਾਂ ਦੀ ਦੇਣ ਹੈ। ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ ਦੇ ਪਰਿਵਾਰ ਦੇ ਚਾਰ ਮੈਂਬਰ ਵੀ ਸਰਕਾਰ ਨੇ ਪੂਹਲੇ ਕੈਟ ਰਾਹੀਂ ਸ਼ਹੀਦ ਕਰਵਾ ਦਿੱਤੇ ਸਨ ਅਤੇ ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਦੇ ਇੱਕ ਭਰਾ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣਾ ਅਤੇ ਖ਼ਾਲਿਸਤਾਨ ਦੀ ਆਜ਼ਾਦੀ ਲਈ ਸੰਘਰਸ਼ ਕਰਨਾ ਇਹਨਾਂ ਜੁਝਾਰੂ ਸਿੰਘਾਂ ਨੂੰ ਸੱਚੀ ਸ਼ਰਧਾਂਜਲੀ ਹੈ। ਇਸ ਮੌਕੇ ਅਕਾਲ ਫੈਡਰੇਸ਼ਨ ਦੇ ਪ੍ਰਧਾਨ ਭਾਈ ਨਰੈਣ ਸਿੰਘ ਚੌੜਾ, ਮਹਿੰਦਰ ਸਿੰਘ, ਧਰਮ ਸਿੰਘ, ਰਾਜ ਸਿੰਘ ਸੁਲਤਾਨਵਿੰਡ, ਨਰਿੰਦਰ ਸਿੰਘ ਗਿੱਲ, ਮਾਸਟਰ ਬਲਦੇਵ ਸਿੰਘ, ਅਰਜਨ ਸਿੰਘ ਸ਼ੇਰਗਿੱਲ, ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਚਾਚਾ ਸੁਖਚੈਨ ਸਿੰਘ, ਦਿਲਜੀਤ ਸਿੰਘ ਗਿੱਲ, ਭਾਈ ਸੁਰਿੰਦਰ ਸਿੰਘ ਭੋਲਾ ਸਤਕੋਹਾ ਹਾਜ਼ਰ ਸਨ।

### ਵਿਧਾਨ ਸਭਾ ਹਲਕਾ ਭੋਆ ਦੇ ਬਲਾਕ ਘਰੋਟਾ ਅੰਦਰ ਵਿਕਾਸ ਕਾਰਜਾਂ ਤੇ ਖਰਚ ਕੀਤੇ ਜਾਣਗੇ 8 ਕਰੋੜ 27 ਲੱਖ ਰੁਪਏ

# ਲੋਕਾਂ ਦਾ ਪੈਸਾ ਲੋਕਾਂ ਦੇ ਦੁੱਖ ਦੂਰ ਕਰਨ ਲਈ ਲੱਗਣਾ ਚਾਹੀਦਾ ਹੈ : ਲਾਲ ਚੰਦ ਕਟਾਰੂਚੱਕ



**ਪਠਾਨਕੋਟ, 6 ਸਤੰਬਰ (ਆਵਾਜਿ ਕੌਮ ਬਿਊਰੋ)-**ਪੂਰੇ ਪੰਜਾਬ ਅੰਦਰ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਦੇਖ ਰੇਖ ਅੰਦਰ ਹਰ ਵਰਗ ਦੇ ਸਵਾਲਾਂ ਦਾ ਹੱਲ ਕੀਤਾ ਜਾ ਰਿਹਾ ਹੈ ਅਤੇ ਜੋ ਵੀ ਵਿਕਾਸ ਕਾਰਜ ਹੋਣੇ ਹਨ ਉਨ੍ਹਾਂ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾ ਰਿਹਾ ਹੈ ਬਲਾਕ ਘਰੋਟਾ ਅੰਦਰ ਆਉਂਣ ਵਾਲੇ ਦਿਨ੍ਹਾਂ ਵਿੱਚ 8 ਕਰੋੜ 27 ਲੱਖ ਰੁਪਏ ਖਰਚ ਕਰਕੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਹ ਪ੍ਰਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਜਸਵਾਲੀ ਰੇਸਟ ਹਾਊਸ ਅੰਦਰ ਵਿਧਾਨ ਸਭਾ ਹਲਕਾ ਭੋਆ ਦੇ ਬਲਾਕ ਘਰੋਟਾ ਦੀਆਂ 91 ਪੰਚਾਇਤਾਂ ਨਾਲ ਮੀਟਿੰਗ ਕਰਨ ਮਗਰੋਂ ਕੀਤਾ ਗਿਆ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਪਵਨ ਕੁਮਾਰ ਬਲਾਕ ਪ੍ਰਧਾਨ, ਕੁਲਦੀਪ ਭਟਵਾਂ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਆਮ ਆਦਮੀ ਪਾਰਟੀ ਦੇ ਆਹੁਦੇਦਾਰ ਵੀ ਹਾਜਰ ਸਨ।

ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ ਨਾਲ ਵੱਖ ਵੱਖ ਪਹਿਲੂਆਂ ਤੇ ਚਰਚਾ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਪਹਿਲ ਦੇ ਅਧਾਰ ਤੇ ਹੱਲ ਕਰਨ ਦੇ ਲਈ ਉਨ੍ਹਾਂ ਵੱਲੋਂ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਦੇ ਦਿਸਾ ਨਿਰਦੇਸਾਂ ਹੇਠ ਵੱਖ ਵੱਖ ਪਿੰਡਾਂ ਅੰਦਰ ਵੱਖ ਵੱਖ ਪੰਚਾਇਤਾਂ ਨਾਲ ਮੀਟਿੰਗਾਂ ਕਰਕੇ ਪਿੰਡਾਂ ਅੰਦਰ ਕੀਤੇ ਵਿਕਾਸ ਕਾਰਜਾਂ ਤੇ ਅਤੇ ਜੋ ਜਨਹਿੱਤ ਦੇ ਕੰਮ ਅਜੇ ਕਰਵਾਉਂਣ ਵਾਲੇ ਹਨ ਉਨ੍ਹਾਂ ਦੇ ਚਰਚਾ ਕਰਨ ਦੇ ਲਈ ਵਿਸੇਸ ਰੀਵਿਓ ਮੀਟਿੰਗ ਆਯੋਜਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾਂ ਭੋਆ ਦੇ ਬਲਾਕ ਘਰੋਟਾ ਅੰਦਰ ਵੱਖ ਵੱਖ ਵਿਕਾਸ ਕਾਰਜਾਂ ਤੇ 8 ਕਰੋੜ 27 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ , ਜਿਸ ਵਿੱਚ ਲਗਭਗ 50 ਲੱਖ ਰੁਪਏ ਸੋਲਰ ਲਾਈਟਾਂ ਲਗਾਉਂਣ ਤੇ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਅਧਿਕਾਰੀਆਂ ਨੂੰ ਹਦਾਇਤ ਕੀਤੀਆਂ ਗਈਆਂ ਹਨ ਕਿ ਸਮੇਂ ਰਹਿੰਦਿਆਂ ਹੀ ਵਿਕਾਸ ਕਾਰਜਾਂ ਦਾ ਕੰਮ ਮੁਕੰਮਲ ਕੀਤਾ ਜਾਵੈ।

ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਵੱਲੋਂ ਵੱਖ ਵੱਖ ਪਿੰਡਾਂ ਦਾ ਰੀਵਿਓ ਕਰਨ ਦੇ ਲਈ ਵਿਸੇਸ ਮੀਟਿੰਗ ਆਯੋਜਿਤ ਕੀਤੀ ਗਈ ਸੀ ਜਿਸ ਅੰਦਰ ਪੰਚਾਇਤਾਂ ਨਾਲ ਗੱਲਬਾਤ ਕਰਕੇ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਤੇ ਚਰਚਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਬਲਾਕ ਘਰੋਟਾਂ ਅੰਦਰ ਆਉਂਣ ਵਾਲੇ ਦਿਨ੍ਹਾਂ ਵਿੱਚ ਕਾਫੀ ਬਦਲਾਅ ਸਾਹਮਣੇ ਆਏਗਾ। ਉਨ੍ਹਾਂ ਕਿਹਾ ਕਿ ਮੀਟਿੰਗ ਕਰਨ ਮਗਰੋਂ ਇਹ ਗੱਲ ਸਾਹਮਣੇ ਆਈ ਹੈ ਕਿ ਪਿੰਡਾਂ ਅੰਦਰ ਨਿਕਾਸੀ ਦੀ ਸਮੱਸਿਆ ਹੈ, ਸਾਫ ਸਫਾਈ ਆਦਿ ਬਹੁਤ ਸਾਰੀਆਂ ਸਮੱਸਿਆਵਾਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਦਾ ਉਦੇਸ ਹੈ ਕਿ ਇੱਕ ਇੱਕ ਪਿੰਡ ਦੀਆਂ ਸਮੱਸਿਆਵਾਂ ਨੂੰ ਸੁਣਕੇ ਉਨ੍ਹਾਂ ਜਰੂਰੀ ਵਿਕਾਸ ਕਾਰਜਾਂ ਨੂੰ ਜਲਦੀ ਤੋਂ ਜਲਦੀ ਸੁਰੂ ਕਰਵਾਇਆ ਜਾਵੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਪੈਸਾ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਦੇ ਲਈ ਖਰਚ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਨੂੰ ਲੈ ਕੇ ਕਿਸੇ ਨਾਲ ਪੱਖਪਾਤ ਨਹੀਂ ਕੀਤਾ ਜਾਵੈਗਾ ਬਿਨ੍ਹਾਂ ਕਿਸੇ ਮੱਤਭੇਦ ਤੋਂ ਵਿਕਾਸ ਕਾਰਜ ਕਰਵਾਏ ਜਾਣਗੇ। ਉਨ੍ਹਾਂ ਜਿਲ੍ਹਾ ਅਧਿਕਾਰੀਆਂ ਨੂੰ ਵੀ ਹਦਾਇਤ ਕਰਦਿਆਂ ਕਿਹਾ ਕਿ ਜੋ ਵਿਕਾਸ ਰਾਸੀ ਦਿੱਤੀ ਜਾ ਰਹੀ ਹੈ ਉਸ ਵਿਕਾਸ ਰਾਸੀ ਨੂੰ ਸਤੰਬਰ ਮਹੀਨੇ ਦੇ ਅੰਦਰ ਅੰਦਰ ਹੀ ਖਰਚ ਕੀਤਾ ਜਾਵੈ ਤਾਂ ਜੋ ਵਿਕਾਸ ਕਾਰਜ ਲਈ ਅਗਲੇ ਮਹੀਨੇ ਹੋਰ ਰਾਸੀ ਜਾਰੀ ਕਰਵਾਈ ਜਾ ਸਕੇ।

## ਬੀਜੇਪੀ ਮੈਂਬਰਸ਼ਿਪ ਮੁਹਿੰਮ ਦਾ ਹੋਇਆ ਆਗਾਜ਼ , 72 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਇੱਕ ਕਰੋੜ ਤੋਂ ਵੀ ਵੱਧ ਮੈਂਬਰਸ਼ਿਪ ਹੋਈ ਪਾਰ : ਰਣਜੀਤ ਸਿੰਘ ਸਲਾਰੀਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 6 ਸਤੰਬਰ (ਕੁਲਜੀਤ ਸਿੰਘ ਖੋਖਰ)-** ਅੱਜ ਮੰਡਲ ਪੁਰਾਣਾ ਸ਼ਾਲਾ ਦੇ ਅਧੀਨ ਪੈਂਦੇ ਪਿੰਡ ਝੜੋਲੀ ਵਿੱਚ ਮੰਡਲ ਪ੍ਰਧਾਨ ਰਣਜੀਤ ਸਿੰਘ ਸਲਾਰੀਆ ਦੀ ਅਗਵਾਈ ਹੇਠ ਭਾਜਪਾ ਮੈਂਬਰਸ਼ਿਪ ਨੂੰ ਲੈ ਕੇ ਇੱਕ ਕੈਂਪ ਲਗਾਇਆ ਗਿਆ ਜਿਸ ਵਿੱਚ ਤਕਰੀਬਨ 400 ਲੋਗੋ ਨੇ ਬੀਜੇਪੀ ਦੀ ਮੈਂਬਰਸ਼ਿਪ ਨੂੰ 8800002024 ਨੰਬਰ ਤੇ ਮਿਸ ਕਾਲ ਦੇ ਕੇ ਭਾਰਤੀ ਜਨਤਾ ਪਾਰਟੀ ਦੀ ਮੈਂਬਰਸ਼ਿਪ ਨੂੰ ਗ੍ਰਹਿਣ ਕੀਤਾ। ਮੰਡਲ ਪ੍ਰਧਾਨ ਰਣਜੀਤ ਸਿੰਘ ਸਲਾਰੀਆ ਜੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 2 ਸਤੰਬਰ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੇ ਪਹਿਲੀ ਮੈਂਬਰਸ਼ਿਪ ਲੈਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ। ਅੱਜ 72 ਘੰਟਿਆਂ ਵਿੱਚ ਇੱਕ ਕ੍ਰੋੜ ਤੋਂ ਵੀ ਵੱਧ ਲੋਕਾਂ ਨੇ ਇਸ ਮੁਹਿੰਮ ਨੂੰ ਪਾਰ ਕਿੱਤਾ ਹੈ ਅਤੇ ਆਉਣ ਵਾਲੀਆਂ ਦਿਨਾਂ ਵਿੱਚ ਇਹ ਅੰਕੜਾ 20 ਕ੍ਰੋੜ ਤੋਂ ਵੀ ਵੱਧ ਦਾ ਹੈ।ਇਸ ਮੌਕੇ ਤੇ ਐਡਵੋਕੇਟ ਰਕੇਸ਼ ਨਡਾਲਾ ਜੀ ,ਐਕਸ ਮੰਡਲ ਪ੍ਰਧਾਨ ਪੂਰਨ ਸਿੰਘ, ਕਿਸਾਨ ਮੋਰਚੇ ਦੇ ਪ੍ਰਧਾਨ ਨਰੇਸ ਸਿੰਘ ਯੂਵਾ ਮੋਰਚੇ ਦੇ ਪ੍ਰਧਾਨ ਦੀਪਕ ਠਾਕੁਰ , ਸ਼ਕਤੀ ਕੇਂਦਰ ਇੰਚਾਰਜ ਕੇਵਲ ਸਿੰਘ, ਚਾਰੋ ਬੂਥਾਂ ਦੇ ਇੰਚਾਰਜ ਅਤੇ ਭਾਰਤੀ ਜਨਤਾ ਪਾਰਟੀ ਦੇ ਪੁਰਾਣੇ ਵਰਕਰ ਅਤੇ ਨਵੇਂ ਵਰਕਰ ਮੌਜੂਦ ਰਹੇ ।ਮੰਡਲ ਪ੍ਰਧਾਨ ਰਣਜੀਤ ਸਿੰਘ ਸਲਾਰੀਆ ਜੀ ਨੇ ਦੇਸ਼ ਦੇ ਲੋਕਾਂ ਨੂੰ ਅਪੀਲ ਵੀ ਕੀਤੀ ਕਿ 8800002024 ਤੇ ਮਿਸ ਕਾਲ ਦੇ ਕੇ ਇਸ ਮੁਹਿੰਮ ਦਾ ਅਤੇ ਦੇਸ਼ ਦੁਨੀਆਂ ਦੀ ਸਭ ਤੋਂ ਵੱਡੀ ਪਾਰਟੀ ਭਾਰਤੀ ਜਨਤਾ ਪਾਰਟੀ ਦਾ ਹਿੱਸਾ ਬਣੋਂ ।

## ਅੰਬਰ ਪਬਲਿਕ ਸਕੂਲ ਵਿਖੇ ਅਧਿਆਪਕਾਂ ਦਾ ਸਨਮਾਨ



ਚੌਂਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)- ਅੰਬਰ ਪਬਲਿਕ ਸਕੂਲ ਨਵਾਂ ਤਨੇਲ ਵੱਲੋਂ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਅਤੇ ਮੈਰਿਟ ਪੁਜੀਸ਼ਨਾਂ ਹਾਸਲ ਕਰਨ ਦੇ ਮਦੇਨਜਰ ਅਧਿਆਪਕ ਦਿਵਸ ਮੌਕੇ ਸਕੂਲ ਦੇ ਅਧਿਆਪਕਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਜਿਸ ਵਿੱਚ ਬੈਸਟ ਟੀਚਰ ਐਵਾਰਡ’ ਮੈਡਮ ਰਮਨਦੀਪ ਕੌਰ ਤਾਹਰਪੁਰ ਅਤੇ ਮੈਡਮ ਹਰਪ੍ਰੀਤ ਕੌਰ ਬੱਲੋਵਾਲੀ ਨੂੰ ਦਿੱਤਾ ਗਿਆ। ਮੈਡਮ ਜਤਿੰਦਰ ਪਾਲ ਕੌਰ ਭੱਟੀਕੇ, ਜਸਪਾਲ ਸਿੰਘ ਰਸੂਲਪੁਰ, ਮੈਡਮ ਲਵਪ੍ਰੀਤ ਕੌਰ ਨੂੰ ਐਪਰੀਸੀਏਸਨ ਐਵਾਰਡ ਪ੍ਰਦਾਨ ਕੀਤੇ ਗਏ। ਇਸ ਤੋਂ ਇਲਾਵਾ ਮੈਡਲ ਦਲਜੀਤ ਕੌਰ ਉਦੋਨੰਗਲ ਅਤੇ ਮੈਡਮ ਕਿਰਨ ਮਹਿਤਾ ਚੰਨਣਕੇ ਨੂੰ ਵੀ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸ੍ਰ.ਬਲਕਾਰ ਸਿੰਘ ਹੁੰਦਲ, ਚੇਅਰਮੈਨ ਸ੍ਰ. ਸੰਪੂਰਨ ਸਿੰਘ ਅਤੇ ਡਾਇਰੈਕਟਰ ਸ੍ਰ. ਸੁਖਵਿੰਦਰ ਸਿੰਘ ਨੇ ਇਨਾ ਅਧਿਆਪਕਾਂ ਦੇ ਕੰਮਾਂ ਤੇ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ।

## ਜ਼ਿਲ੍ਹਾ ਪੱਧਰ ਬਾਲ ਸਾਹਿਤ ਮੁਕਾਬਲੇ 10 ਅਕਤੂਬਰ ਨੂੰ ਸਰਕਾਰੀ ਸੀਨੀਅਰ ਸਕੂਲ (ਲੜਕੇ), ਲਮੀਨੀ ਪਠਾਨਕੋਟ ’ਚ ਕਰਵਾਏ ਜਾਣਗੇ-ਰਾਜੇਸ ਕੁਮਾਰ

**ਪਠਾਨਕੋਟ, 6 ਸਤੰਬਰ (ਆਵਾਜ਼ਿ ਕੌਮ ਬਿਊਰੋ)-**ਮੁੱਖ ਮੰਤਰੀ, ਪੰਜਾਬ ਸ. ਭਗਵੰਤ ਸਿੰਘ ਮਾਨ ਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਵਿਭਾਗ ਦੇ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਸੁਯੋਗ ਅਗਵਾਈ ਤੇ ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੇ ਨਿਰਦੇਸ਼ਾਂ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਦੇ, ਸ਼੍ਰੀ ਰਾਜੇਸ਼ ਕੁਮਾਰ (ਖੋਜ ਅਫ਼ਸਰ) ਪਠਾਨਕੋਟ ਦੀ ਨਿਗਰਾਨੀ ਨਾਲ ਜ਼ਿਲ੍ਹਾ ਪੱਧਰ ਬਾਲ ਸਾਹਿਤ ਮੁਕਾਬਲੇ ਪੰਜਾਬੀ ਸਾਹਿਤ ਧਰਮ, ਭਾਸ਼ਾ, ਸੱਭਿਆਚਾਰ, ਇਤਿਹਾਸ ਤੇ ਭੂਗੋਲ ਵਿਸ਼ੇ ਨਾਲ ਸਬੰਧਤ 10 ਅਕਤੂਬਰ, 2024 ਨੂੰ ਸਰਕਾਰੀ ਸੀਨੀਅਰ ਸਕੂਲ (ਲੜਕੇ),ਲਮੀਨੀ ਪਠਾਨਕੋਟ ’ਚ ਕਰਵਾਏ ਜਾਣਗੇ । ਇਨ੍ਹਾਂ ਮੁਕਾਬਲਿਆਂ ਦੇ ਤਿੰਨ ਵਰਗ ਹੋਣਗੇ, ਜਿਸ ’ਚ ਪਹਿਲਾ ੳ -ਵਰਗ ਅੱਠਵੀਂ ਸ਼੍ਰੇਣੀ ਤੱਕ ਦੇ ਵਿਦਿਆਰਥੀਆਂ ਦਾ ਹੋਵੇਗਾ, ਜਦੋਂ ਕਿ ਦੂਸਰਾ ਅ- ਵਰਗ ਨੌਵੀਂ ਤੋਂ ਬਾਰ੍ਹਵੀਂ ਤੱਕ ਤੇ ਤੀਸਰਾ ੲ- ਵਰਗ ਗ੍ਰੈਜੂਏਸ਼ਨ ਤੱਕ ਦੇ ਵਿਦਿਆਰਥੀਆਂ ਦਾ ਹੋਵੇਗਾ। ਭਾਗ ਲੈਣ ਵਾਲੇ ਵਿਦਿਆਰਥੀ ਦੀ ਜਮਾਤ ਤੇ ਜਨਮ ਮਿਤੀ ਸੰਬੰਧੀ ਸੰਸਥਾ ਮੁਖੀ ਵੱਲੋਂ ਲਿਖਤੀ ਤਸਦੀਕ ਲਾਜ਼ਮੀ ਹੈ। ਹਰ ਵਰਗ ’ਚ ਇੱਕ ਸੰਸਥਾ ਵਿੱਚੋਂ ਵੱਧ ਤੋਂ ਵੱਧ ਦੋ ਵਿਦਿਆਰਥੀ ਹੀ ਭੇਜੇ ਜਾ ਸਕਦੇ ਹਨ। ਇਹ ਮੁਕਾਬਲਾ ਸੋ ਪ੍ਰਸ਼ਨਾਂ ਦੇ ਰੂਪ ’ਚ ਬਹੁ- ਵਿਕਲਪੀ ਪ੍ਰਸ਼ਨਾਵਲੀ ਦੇ ਲਿਖਤੀ ਰੂਪ ਵਿੱਚ ਹੋਵੇਗਾ। ਜ਼ਿਲ੍ਹਾ ਪੱਧਰ ’ਤੇ ਹਰ ਵਰਗ ’ਚੋਂ ਪਹਿਲੇ ਸਥਾਨ ’ਤੇ ਅਉਣ ਵਾਲੇ ਵਿਦਿਆਰਥੀ ਰਾਜ ਪੱਧਰ ਦੇ ਮੁਕਾਬਲੇ ’ਚ ਹਿੱਸਾ ਲੈਣਗੇ। ਹਰ ਵਰਗ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ’ਚ ਪਹਿਲੇ ਸਥਾਨ ’ਤੇ ਅਉਣ ਵਾਲੇ ਵਿਦਿਆਰਥੀ ਨੂੰ 1000/-ਰੁਪਏ, ਦੂਸਰੇ ਸਥਾਨ ਵਾਲੇ ਵਿਦਿਆਰਥੀ ਨੂੰ 750/-ਰੁਪਏ, ਤੇ ਤੀਜੇ ਸਥਾਨ ਵਾਲੇ ਵਿਦਿਆਰਥੀ ਨੂੰ 500/-ਰੁਪਏ, ਨਕਦ ਜਾਂ ਵਿਭਾਗੀ ਪੁਸਤਕਾਂ ਦੇ ਰੂਪ ਵਿੱਚ ਦਿੱਤੇ ਜਾਣਗੇ। ਜ਼ਿਲ੍ਹਾ ਭਾਸ਼ਾ ਦਫ਼ਤਰ ਦੇ ਖੋਜ ਅਫ਼ਸਰ ਸ੍ਰੀ ਰਾਜੇਸ਼ ਕੁਮਾਰ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਵਿਦਿਆਰਥੀਆਂ ਨੂੰ ਨਕਦ ਇਨਾਮ ਤੋਂ ਇਲਾਵਾ ਭਾਸ਼ਾ ਵਿਭਾਗ ਵੱਲੋਂ ਜਾਰੀ ਕੀਤੇ ਸਰਟੀਫਿਕੇਟ/ਪ੍ਰਸ਼ੰਸਾ ਪੱਤਰ ਵੀ ਪ੍ਰਦਾਨ ਕੀਤੇ ਜਾਣਗੇ।